ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 19 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੫ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਚਾਇਤੀ ਚੋਣਾਂ ਦੌਰਾਨ ਡਿਊਟੀ ’ਤੇ ਹਾਜ਼ਰ ਨਹੀਂ ਹੋਣ ਵਾਲੇ ਅਧਿਆਪਕਾਂ ਨੂੰ ਮੁਅੱਤਲ ਕਰਨ ਦੇ ਹੁਕਮ

ਚੰਡੀਗੜ੍ਹ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਤੋਂ ਅਧਿਆਪਕਾਂ ਲਈ ਅਹਿਮ ਖਬਰ ਸਾਹਮਣੇ ਆ ਰਹੀ ਹੈ। ਦੱਸ ਦੱਈਏ ਕਿ ਬਲਾਕ ਗਿੱਦੜਬਾਹਾ ਵਿੱਚ ਪਿਛਲੀਆਂ ਪੰਚਾਇਤੀ ਚੋਣਾਂ ਹੋ ਰਹੀਆਂ ਸਨ ਅਤੇ ਇਨ੍ਹਾਂ ਚੋਣਾਂ ਵਿੱਚ ਕੁਝ ਅਧਿਆਪਕਾਂ ਨੂੰ ਪੋਲਿੰਗ ਸਟਾਫ਼ ਵਜੋਂ ਡਿਊਟੀ ’ਤੇ ਲਾਇਆ ਗਿਆ ਸੀ, ਪਰ ਉਕਤ ਅਧਿਆਪਕ ਡਿਊਟੀ ’ਤੇ ਹਾਜ਼ਰ ਨਹੀਂ ਹੋਏ। ਜਿਸ ਕਾਰਨ ਚੋਣਾਂ ਦਾ ਬਹੁਤ ਹੀ ਜ਼ਰੂਰੀ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਇਸ ਲਈ, ਚੋਣ ਡਿਊਟੀ ਦੌਰਾਨ, ਅਧਿਕਾਰੀ/ਕਰਮਚਾਰੀ ਪੰਜਾਬ ਰਾਜ ਚੋਣ ਕਮਿਸ਼ਨ ਐਕਟ, 1994 ਦੀ ਧਾਰਾ 23 ਅਧੀਨ ਡੈਪੂਟੇਸ਼ਨ ’ਤੇ ਹਨ। ਇਸ ਲਈ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਡਿਊਟੀ ਪ੍ਰਤੀ ਅਣਗਹਿਲੀ ਦੇ ਮੱਦੇਨਜ਼ਰ ਹੇਠ ਲਿਖੇ ਅਧਿਆਪਕਾਂ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕੀਤਾ ਜਾਂਦਾ ਹੈ। ਜਿਸ ਵਿੱਚ ਸਾਗਰ ਗਾਬਾ ਐਚ.ਟੀ.ਐਸ.ਪੀ. ਸਕੂਲ ਵਾਰਡ ਨੰਬਰ 4 ਸ੍ਰੀ ਮੁਕਤਸਰ ਸਾਹਿਬ, ਗਮਦੂਰ ਸਿੰਘ ਜੂਨੀਅਰ ਸਹਾਇਕ ਸਿੱਖ ਵਾਲਾ, ਜੋਗਿੰਦਰਪਾਲ ਸਿੰਘ ਈ.ਟੀ.ਟੀ. ਲੱਖੇਵਾਲੀ, ਅਵਤਾਰ ਸਿੰਘ ਈ.ਟੀ.ਟੀ. ਇਸ ਤੋਂ ਇਲਾਵਾ ਦਿਨੇਸ਼ ਕੁਮਾਰ ਈ.ਟੀ.ਟੀ. ਐੱਸ.ਪੀ.ਐੱਸ. ਲੱਖੇਵਾਲੀ, ਵਿਕਰਮ ਸਿੰਘ ਈ.ਟੀ.ਟੀ. ਐੱਸ.ਪੀ.ਐੱਸ. ਸਿੱਖਵਾਲਾ, ਗੁਰਜਿੰਦਰ ਸਿੰਘ ਲਾਇਬ੍ਰੇਰੀਅਨ ਹਾਕੂਵਾਲਾ, ਮਨਜੀਤ ਸਿੰਘ ਸਾਇੰਸ ਮਾਸਟਰ ਨੂਰਪੁਰ ਕ੍ਰਿਪਾਲਕੇ, ਰੁਪਿੰਦਰ ਸਿੰਘ ਅੰਗਰੇਜ਼ੀ ਮਾਸਟਰ ਰਣਜੀਤਗੜ੍ਹ ਅਤੇ ਸੁਸ਼ੀਲ ਕੁਮਾਰ ਐੱਸ. ਐੱਸ. ਮਾਸਟਰ ਬਸਤੀ ਟਿੱਬੀ ਸਾਹਿਬ ਸ੍ਰੀ ਮੁਕਤਸਰ ਸਾਹਿਬ ਸ਼ਾਮਲ ਹਨ।

## ਕਿਸਾਨ ਅੰਦੋਲਨ-2.0 ਹੋਵੇਗਾ ਤੇਜ਼

# ਕਿਸਾਨ ਆਗੂ ਸਰਵਣ ਸਿੰਘ ਪੰਧੇਰ ਵੱਲੋਂ 30 ਦਸੰਬਰ ਨੂੰ ਪੰਜਾਬ ਬੰਦ ਦਾ ਐਲਾਨ

**ਚੰਡੀਗੜ੍ਹ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ 10 ਮਹੀਨਿਆਂ ਤੋਂ ਦਿੱਲੀ ਕੂਚ ਦੇ ਐਲਾਨ ਨਾਲ ਸ਼ੁਰੂ ਹੋਇਆ ਦਿੱਲੀ ਅੰਦੋਲਨ 2 ਲਗਾਤਾਰ ਸ਼ੰਭੂ, ਖਨੌਰੀ ਤੇ ਰਤਨਪੁਰਾਂ (ਰਾਜਸਥਾਨ) ਬਾਰਡਰਾਂ ਉੱਤੇ ਚੱਲ ਰਿਹਾ ਹੈ। ਅੱਜ ਪੰਜਾਬ ਭਰ ਵਿਚ ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ ’ਤੇ ਚੱਲ ਰਹੇ ਕਿਸਾਨ ਅੰਦੋਲਨ ਦੇ ਸਮਰਥਨ ਵਿਚ ਕਿਸਾਨਾਂ ਨੇ 3 ਘੰਟੇ ਲਈ ਰੇਲਾਂ ਰੋਕੀਆਂ ਗਈਆਂ। ਹੁਣ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਵੱਡਾ ਐਲਾਨ ਕੀਤਾ ਹੈ। ਪ੍ਰੈਸ ਕਾਨਫਰੰਸ ਦੌਰਾਨ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ 30 ਦਸੰਬਰ ਨੂੰ ਪੂਰੇ ਪੰਜਾਬ ਬੰਦ ਦਾ ਸੱਦਾ ਦਿੱਤਾ ਹੈ। ਇਸ ਮੌਕੇ ਅੰਮ੍ਰਿਤਸਰ ਦਿੱਲੀ ਰੇਲ ਲਾਈਨ ਤੇ ਦੇਵੀਦਾਸਪੁਰ ਰੇਲ ਫਾਟਕ ਤੋਂ ਗੱਲ ਕਰਦੇ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਅੱਜ ਦੇ ਰੇਲ ਰੋਕੋ ਵਿੱਚ ਪੰਜਾਬ ਭਰ ਤੋਂ ਲੱਖਾਂ ਕਿਸਾਨ, ਮਜ਼ਦੂਰ, ਬੀਬੀਆਂ, ਨੌਜਵਾਨ ਅਤੇ ਖੇਤੀ ਮੰਡੀ ਨਾਲ ਸੰਬੰਧਿਤ ਸਾਰੇ ਵਰਗ ਜਿਵੇਂ ਛੋਟੇ ਦੁਕਾਨਦਾਰ, ਛੋਟੇ ਵਪਾਰੀਆਂ ਵੱਲੋਂ ਭਰਪੂਰ ਸਹਿਯੋਗ ਮਿਲਿਆ ਹੈ। ਉਹਨਾਂ ਕਿਹਾ ਕਿ ਭਾਰਤ ਸਰਕਾਰ



ਦੇਸ਼ ਦੀ ਖੇਤੀ ਸਮੇਤ ਸਭ ਜਨਤਕ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਦਾ ਤਹਈਆ ਕਰ ਚੁੱਕੀ ਹੈ ਪਰ ਅੱਜ ਦੇਸ਼ ਦਾ ਅੰਨਦਾਤਾ ਜਾਗ ਚੁੱਕਾ ਹੈ ਅਤੇ ਸਰਕਾਰ ਦੇ ਇਹ ਮਨਸੂਬੇ ਪੂਰੇ ਨਹੀਂ ਹੋਣ ਦਿੱਤੇ ਜਾਣਗੇ। ਉਹਨਾਂ ਕਿਹਾ ਕਿ ਦੇਸ਼ ਦਾ ਖੇਤੀਬਾੜੀ ਮੰਤਰੀ ਸੰਸਦ ਵਿੱਚ ਖੜ੍ਹ ਕੇ ਝੂਠ ਬੋਲ ਰਿਹਾ ਹੈ ਕਿ ਗੁੰਮਰਾਹਕੁੰਨ ਬਿਆਨ ਦੇ ਕਿ ਕਿਸਾਨਾਂ ਮਜਦੂਰਾਂ ਨੂੰ ਵਰਗਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਹਨਾਂ ਕਿਹਾ ਕਿ ਮੋਦੀ ਸਰਕਾਰ ਦਿੱਲੀ ਅੰਦੋਲਨ 1 ਦੌਰਾਨ ਰੱਦ ਕੀਤੇ ਤਿੰਨੇ ਕਾਲੇ ਖੇਤੀ ਕਾਨੂੰਨ ਦੁਬਾਰਾ ਖੇਤੀ ਮਾਰਕੀਟਿੰਗ ਨੀਤੀ ਦੇ ਨਾਮ ਹੇਠ ਲਿਆ ਕੇ ਰਾਜਾਂ ਨੂੰ ਲਾਗੂ ਕਰਨ ਲਈ ਕਹਿ ਕੇ ਮੋਦੀ ਹਕੂਮਤ ਖੇਤੀ ਮੰਡੀ ਖਤਮ ਕਰਕੇ ਸਾਇਲੋ ਗੁਦਾਮਾਂ ਨੂੰ ਮੰਡੀ ਯਾਰਡ ਘੋਸ਼ਿਤ ਕਰਕੇ ਦੇਸ਼ ਦੇ 68 ਕਰੋੜ ਕਿਸਾਨਾਂ ਨੂੰ ਖੇਤੀ ਕਿੱਤੇ ਵਿੱਚੋਂ ਬਾਹਰ ਕੱਢਣ ਦੇ ਮਨਸੂਬੇ ਲਾਗੂ ਕਰ ਰਹੀ ਹੈ। ਉਹਨਾਂ ਕਿਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਕਿਸਾਨ ਅੰਦੋਲਨ ਬਾਰੇ ਸਾਜ਼ਿਸ਼ੀ ਚੁੱਪੀ ਧਾਰੀ ਹੋਈ ਹੈ। ਉਹਨਾਂ ਦੇਸ਼ ਭਰ ਦੀਆਂ ਕਿਸਾਨ ਮਜ਼ਦੂਰ ਜੱਥੇਬੰਦੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਆਪਸੀ ਏਕਾ ਬਣਾਕੇ ਸੰਘਰਸ਼ ਨੂੰ ਹੋਰ ਵਿਆਪਕ ਬਣਾਇਆ ਜਾਵੇ। ਉਹਨਾਂ ਕਿਹਾ ਕਿ ਜਿੰਨੀ ਦੇਰ ਅੰਦੋਲਨ ਦੀਆਂ ਸਾਰੀਆਂ ਮੰਗਾਂ ਤੇ ਸਰਕਾਰ ਵੱਲੋਂ ਠੋਸ ਕਦਮ ਨਹੀਂ ਚੁੱਕੇ ਜਾਂਦੇ ਓਨੀ ਦੇਰ ਅੰਦੋਲਨ ਜਾਰੀ ਰਹੇਗਾ ਅਤੇ ਅਗਰ ਡੱਲੇਵਾਲ ਜੀ ਦਾ ਜਾਨੀ ਨੁਕਸਾਨ ਹੁੰਦਾ ਹੈ ਤਾਂ ਸਰਕਾਰ ਨੂੰ ਇਸਦੇ ਵੱਡੇ ਖਾਮਿਆਜ਼ੇ ਭੁਗਤਣੇ ਪੈਣਗੇ। ਉਹਨਾਂ ਜਾਣਕਾਰੀ ਦਿੱਤੀ ਕਿ ਕੇਂਦਰ ਸਰਕਾਰ ਵੱਲੋਂ 101 ਕਿਸਾਨਾਂ ਮਜਦੂਰਾਂ ਦੇ ਜਥਿਆਂ ਤੇ ਕੀਤੇ ਗਏ ਤਸ਼ੱਦਦ ਅਤੇ ਖਨੌਰੀ ਬਾਡਰ ਤੇ ਮਰਨ ਵਰਤ ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਜੀ ਦੀ ਨਾਜ਼ੁਕ ਹਾਲਤ ਦੇ ਸਦਮੇ ਕਾਰਨ ਸ਼ੰਭੂ ਬਾਰਡਰ ਤੇ ਸਲਫਾਸ ਨਿਗਲਣ ਵਾਲੇ ਜੇਰੇ-ਇਲਾਜ਼ ਰਣਜੋਧ ਸਿੰਘ ਵਾਸੀ ਪਿੰਡ ਰਤਨਹੇੜੀ, ਖੰਨਾ ਦੀ ਦੁਖਦ ਮੌਤ ਹੋ ਗਈ ਹੈ।

## ਆਦਮਪੁਰ ਦੇ ਕਾਂਗਰਸੀ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਦੇ, ਭਤੀਜੇ ਦਾ ਹੋਇਆ ਕਤਲ, ਮਾਮੂਲੀ ਝਗੜੇ ਤੋਂ ਬਾਅਦ ਗਈ ਜਾਨ

ਆਦਮਪੁਰ (ਜਲੰਧਰ), 18 ਦਸੰਬਰ (ਆਵਾਜ਼ਿ ਕੌਮ ਬਿਊਰੋ)–ਆਦਮਪੁਰ ਹਲਕੇ ਤੋਂ ਕਾਂਗਰਸੀ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਦੇ ਭਤੀਜੇ ਦਾ ਜਲੰਧਰ ਸ਼ਹਿਰ ਵਿੱਚ ਕਤਲ ਕਰ ਦਿੱਤਾ ਗਿਆ ਹੈ। ਕਾਤਲਾਂ ਨੇ ਬੁੱਧਵਾਰ ਤੜਕੇ 3 ਵਜੇ ਵਾਰਦਾਤ ਨੂੰ ਅੰਜਾਮ ਦਿੱਤਾ। ਪੁਲਿਸ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਤਿੰਨ ਮੁਲਜ਼ਮਾਂ ਕਮਲਜੀਤ ਸਿੰਘ ਵਾਸੀ ਬੜਾਲਾ, ਸੁਰਿੰਦਰ ਸਿੰਘ ਅਤੇ ਜ਼ੋਰਾਵਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਨੇ ਕਤਲ ਵਿੱਚ ਵਰਤੀ ਸਕਾਰਪੀਓ ਗੱਡੀ ਵੀ ਬਰਾਮਦ ਕਰ ਲਈ ਹੈ। ਕੋਟਲੀ ਨੇ ਇਕ ਆਡੀਓ ਜਾਰੀ ਕਰਕੇ ਦੱਸਿਆ ਕਿ ਬੀਤੀ ਰਾਤ ਉਸ ਦੇ ਭਤੀਜੇ ਸੰਨੀ ਵਾਸੀ ਪਿੰਡ ਬਿਆਸ ਦਾ ਮਾਮੂਲੀ ਝਗੜੇ ਤੋਂ ਬਾਅਦ ਕਤਲ ਕਰ ਦਿੱਤਾ ਗਿਆ। ਉਸ ਨੇ ਦੱਸਿਆ ਕਿ ਇਹ ਕਤਲ 7-8 ਵਿਅਕਤੀਆਂ ਵੱਲੋਂ ਸ਼ਰੇਆਮ ਕੀਤਾ ਗਿਆ ਸੀ। ਸੰਨੀ ਦਾ ਮਾਮੂਲੀ ਝਗੜਾ ਹੋਇਆ ਸੀ, ਜਿਸ ਤੋਂ ਬਾਅਦ ਹਮਲਾਵਰਾਂ ਨੇ ਉਸ ਦਾ ਕਤਲ ਕਰ ਦਿੱਤਾ। ਇਸ ਦੇ ਨਾਲ ਹੀ ਸੰਨੀ ਦੇ ਨਾਲ ਜਾ ਰਹੇ ਦੋ ਸਾਥੀ ਬੁਰੀ ਤਰ੍ਹਾਂ ਜ਼ਖਮੀ ਹੋ ਗਏ। ਦੋਵੇਂ ਜ਼ਖਮੀਆਂ ਦਾ ਹਸਪਤਾਲ ’ਚ ਇਲਾਜ ਚੱਲ ਰਿਹਾ ਹੈ। ਉਨ੍ਹਾਂ ਪੁਲਿਸ ਤੋਂ ਮੁਲਜ਼ਮਾਂ ਨੂੰ ਫੜ ਕੇ ਸਜ਼ਾ ਦੇਣ ਦੀ ਮੰਗ ਕਰਦਿਆਂ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਅਪੀਲ ਕੀਤੀ। ਪੁਲਿਸ ਨੇ ਲਾਸ਼ ਨੂੰ ਕਬਜ਼ੇ ’ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ। ਕਤਲ ਦਾ ਮਾਮਲਾ ਦਰਜ ਕਰਕੇ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਮੁਤਾਬਕ ਵਿਧਾਇਕ ਦਾ ਭਤੀਜਾ ਹੋਣ ਕਾਰਨ ਮਾਮਲਾ ਹਾਈ ਪ੍ਰੋਫਾਈਲ ਬਣ ਗਿਆ ਹੈ। ਕਾਂਗਰਸੀ ਸੰਸਦ ਮੈਂਬਰ ਚਰਨਜੀਤ ਚੰਨੀ, ਛਾਉਣੀ ਦੇ ਵਿਧਾਇਕ ਪਰਗਟ ਸਿੰਘ ਨੇ ਇਸ ਕਤਲੇਆਮ ਦੀ ਨਿਖੇਧੀ ਕਰਦਿਆਂ ਕਾਤਲਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ।




## ਨਸ਼ੇ ਕਾਰਨ ਛੱਡੀ ਸਰਕਾਰੀ ਨੌਕਰੀ, ਨੌਜਵਾਨ ਨੂੰ ਦਿੱਤੀ ਓਵਰਡੋਜ਼, ਮੌਤ ਤੋਂ ਬਾਅਦ ਦੱਬੀ ਲਾਸ਼, ਸਟਾਫ ਨਰਸ ਗ੍ਰਿਫਤਾਰ



ਬਠਿੰਡਾ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਦੇ ਬਠਿੰਡਾ ਵਿੱਚ ਇੱਕ ਨੌਜਵਾਨ ਦੇ ਕਤਲ ਦਾ ਮਾਮਲਾ ਸਾਹਮਣੇ ਆਇਆ ਹੈ। ਬਠਿੰਡਾ ਦੀ ਭੁੱਚੋ ਮੰਡੀ ਦੇ ਇੱਕ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ, ਪਰ ਉਸ ਦੀ ਲਾਸ਼ ਨੂੰ ਉਸ ਦੇ ਨਸ਼ੇੜੀ ਦੋਸਤਾਂ ਨੇ ਦਫ਼ਨਾ ਦਿੱਤਾ। ਮੁਲਜ਼ਮਾਂ ਨੇ ਲਾਸ਼ ਘਰ ਦੇ ਪਿੱਛੇ ਖਾਲੀ ਪਲਾਟ ਵਿੱਚ ਦੱਬ ਦਿੱਤੀ ਸੀ। ਮ੍ਰਿਤਕ ਦੀ ਪਛਾਣ ਬਲਜਿੰਦਰ ਸਿੰਘ ਵਜੋਂ ਹੋਈ ਹੈ। ਬਲਜਿੰਦਰ ਸਿੰਘ ਦੇ ਕਤਲ ਨੂੰ ਅੰਜਾਮ ਦੇਣ ਵਾਲਿਆਂ ਵਿੱਚ ਇੱਕ ਸਟਾਫ ਨਰਸ ਵੀ ਸ਼ਾਮਲ ਹੈ। ਹਾਲਾਂਕਿ ਵਿਭਾਗ ਨੇ ਉਸ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਹੈ। ਇਸ ਕਤਲ ਨੂੰ ਅੰਜਾਮ ਦੇਣ ਵਾਲੀ ਔਰਤ ਦੇ ਨਾਲ ਦੋ ਹੋਰ ਲੋਕ ਵੀ ਹਨ। ਪੁਲਿਸ ਨੇ ਬਰਖਾਸਤ ਸਟਾਫ ਨਰਸ ਸਮੇਤ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮਾਂ ਦੀ ਪਛਾਣ ਬਰਖਾਸਤ ਸਟਾਫ ਨਰਸਾਂ ਮੀਨਾਕਸ਼ੀ, ਨਛੱਤਰ ਸਿੰਘ ਅਤੇ ਯਾਦਵਿੰਦਰ ਸਿੰਘ ਵਜੋਂ ਹੋਈ ਹੈ। ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਉਨ੍ਹਾਂ ਦੇ ਨਿਰਦੇਸ਼ਾਂ ’ਤੇ ਖਾਲੀ ਪਲਾਟ ਵਿੱਚ ਦੱਬੇ ਬਲਜਿੰਦਰ ਸਿੰਘ ਦੀ ਲਾਸ਼ ਨੂੰ ਵੀ ਬਾਹਰ ਕੱਢ ਲਿਆ ਗਿਆ ਹੈ ਐਸਪੀ ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਮ੍ਰਿਤਕ ਬਲਜਿੰਦਰ ਸਿੰਘ ਦੇ ਪਿਤਾ ਮੇਲਾ ਸਿੰਘ ਵੱਲੋਂ ਥਾਣਾ ਨਥਾਣਾ ਨੂੰ ਸ਼ਿਕਾਇਤ ਦਿੱਤੀ ਗਈ ਸੀ। ਮੇਲਾ ਸਿੰਘ ਨੇ ਸ਼ਿਕਾਇਤ ਵਿੱਚ ਦੱਸਿਆ ਸੀ ਕਿ ਉਸ ਦਾ ਲੜਕਾ ਬਲਜਿੰਦਰ ਸਿੰਘ 2 ਦਸੰਬਰ ਨੂੰ ਅਚਾਨਕ ਘਰੋਂ ਲਾਪਤਾ ਹੋ ਗਿਆ ਸੀ। ਇਸ ਤੋਂ ਬਾਅਦ ਉਹ ਘਰ ਨਹੀਂ ਪਰਤਿਆ। ਪੁਲਿਸ ਨੇ ਸ਼ਿਕਾਇਤ ਦੇ ਆਧਾਰ ’ਤੇ ਜਾਂਚ ਸ਼ੁਰੂ ਕੀਤੀ ਤਾਂ ਪਤਾ ਲੱਗਾ ਕਿ ਬਲਜਿੰਦਰ ਸਿੰਘ ਦੋਸ਼ੀ ਔਰਤ ਮੀਨਾਕਸ਼ੀ ਦੇ ਘਰ ਗਿਆ ਸੀ। ਪੁਲਿਸ ਨੇ ਜਦੋਂ ਮੀਨਾਕਸ਼ੀ ਨੂੰ ਗ੍ਰਿਫ਼ਤਾਰ ਕਰਕੇ ਪੁੱਛਗਿੱਛ ਕੀਤੀ ਤਾਂ ਉਪਰੋਕਤ ਮਾਮਲਾ ਸਾਹਮਣੇ ਆਇਆ। ਮੁਲਜ਼ਮ ਔਰਤ ਨੇ ਆਪਣਾ ਜੁਰਮ ਕਬੂਲ ਕਰਦਿਆਂ ਦੱਸਿਆ ਕਿ ਬਲਜਿੰਦਰ ਸਿੰਘ ਅਕਸਰ ਉਸ ਕੋਲ ਆਉਂਦਾ ਰਹਿੰਦਾ ਸੀ। ਮੁਲਜ਼ਮ ਔਰਤ ਮੀਨਾਕਸ਼ੀ ਵੀ ਨਸ਼ੇ ਦੀ ਆਦੀ ਹੈ। ਮ੍ਰਿਤਕ ਬਲਜਿੰਦਰ ਸਿੰਘ, ਮੁਲਜ਼ਮ ਮੀਨਾਕਸ਼ੀ, ਨਛੱਤਰ ਸਿੰਘ ਅਤੇ ਯਾਦਵਿੰਦਰ ਸਿੰਘ ਮਿਲ ਕੇ ਨਸ਼ੇ ਕਰਦੇ ਸਨ। 2 ਦਸੰਬਰ ਨੂੰ ਜਦੋਂ ਬਲਜਿੰਦਰ ਮੀਨਾਕਸ਼ੀ ਦੇ ਘਰ ਪਹੁੰਚਿਆ ਤਾਂ ਉਸ ਨੇ ਜ਼ਿਆਦਾ ਨਸ਼ਾ ਕਰ ਲਿਆ ਅਤੇ ਨਸ਼ੇ ਦੀ ਓਵਰਡੋਜ਼ ਕਾਰਨ ਉਸ ਦੀ ਮੌਤ ਹੋ ਗਈ। ਇਸ ਤੋਂ ਬਾਅਦ ਤਿੰਨਾਂ ਮੁਲਜ਼ਮਾਂ ਨੇ ਬਲਜਿੰਦਰ ਸਿੰਘ ਦੀ ਲਾਸ਼ ਨੂੰ ਉਨ੍ਹਾਂ ਦੇ ਘਰ ਦੇ ਪਿੱਛੇ ਵਾਲੇ ਪਲਾਟ ਵਿੱਚ ਦੱਬ ਦਿੱਤਾ। ਪੁਲਿਸ ਨੇ ਮੁਲਜ਼ਮ ਔਰਤ ਤੋਂ ਪੁੱਛ-ਪੜਤਾਲ ਕਰਨ ਮਗਰੋਂ ਉਸ ਦੇ ਸਹਿ ਮੁਲਜ਼ਮਾਂ ਨਛੱਤਰ ਸਿੰਘ ਅਤੇ ਯਾਦਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਪਲਾਟ ਵਿੱਚ ਦੱਬੀ ਹੋਈ ਮ੍ਰਿਤਕ ਨੌਜਵਾਨ ਦੀ ਲਾਸ਼ ਬਰਾਮਦ ਕਰ ਲਈ। ਪੁਲਿਸ ਨੇ ਤਿੰਨਾਂ ਮੁਲਜ਼ਮਾਂ ਖ਼ਿਲਾਫ਼ ਥਾਣਾ ਨਥਾਣਾ ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।

## ਪੰਜਾਬ ’ਚ ਪਵੇਗੀ ਕੜਾਕੇ ਦੀ ਠੰਡ, 18 ਜ਼ਿਲ੍ਹਿਆਂ ’ਚ ਕੋਲਡ ਵੇਵ ਦਾ ਅਲਰਟ ਜਾਰੀ, ਫਰੀਦਕੋਟ ਰਿਹਾ ਸਭ ਤੋਂ ਠੰਡਾ

ਚੰਡੀਗੜ੍ਹ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਅਤੇ ਚੰਡੀਗੜ੍ਹ ਦੇ ਲੋਕਾਂ ਨੂੰ 24 ਦਸੰਬਰ ਤੱਕ ਸੀਤ ਲਹਿਰ ਦਾ ਸਾਹਮਣਾ ਕਰਨਾ ਪਵੇਗਾ। ਮੌਸਮ ਵਿਭਾਗ ਵੱਲੋਂ ਸੀਤ ਲਹਿਰ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸ ਦੇ ਨਾਲ ਹੀ ਅੱਜ (ਬੁੱਧਵਾਰ) ਨੂੰ 18 ਜ਼ਿਲ੍ਹਿਆਂ ਵਿੱਚ ਤਾਪਮਾਨ ਤੇਜ਼ੀ ਨਾਲ ਡਿੱਗਣ ਦਾ ਅਲਰਟ ਜਾਰੀ ਕੀਤਾ ਗਿਆ ਹੈ। 24 ਘੰਟਿਆਂ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 0.5 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਹਾਲਾਂਕਿ ਇਹ ਆਮ ਦੇ ਨੇੜੇ ਰਹਿੰਦਾ ਹੈ।



ਫਰੀਦਕੋਟ ਵਿੱਚ ਸਭ ਤੋਂ ਵੱਧ ਔਸਤ ਤਾਪਮਾਨ 24.2 ਡਿਗਰੀ ਦਰਜ ਕੀਤਾ ਗਿਆ ਹੈ। ਇਸ ਦੇ ਨਾਲ ਹੀ ਹੁਣ ਰਾਤਾਂ ਵੀ ਠੰਡੀਆਂ ਹੋ ਰਹੀਆਂ ਹਨ। ਫਰੀਦਕੋਟ ਵਿੱਚ ਰਾਤ ਦਾ ਤਾਪਮਾਨ 0 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਮੁਤਾਬਕ ਹਿਮਾਲਿਆ ਖੇਤਰ ’ਚ ਪੱਛਮੀ ਗੜਬੜੀ ਬਣ ਰਹੀ ਹੈ। ਇਸ ਕਾਰਨ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਵਿੱਚ ਗਿਰਾਵਟ ਆਵੇਗੀ। ਇਹ ਤਾਪਮਾਨ 2 ਤੋਂ 3 ਡਿਗਰੀ ਘੱਟ ਜਾਵੇਗਾ। ਇਸ ਦੇ ਨਾਲ ਹੀ ਅੱਜ ਪੰਜਾਬ ਦੇ ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਫ਼ਰੀਦਕੋਟ ਅਤੇ ਮੋਗਾ ਵਿੱਚ ਸੀਤ ਲਹਿਰ ਦਾ ਆਰੇਂਜ ਅਲਰਟ ਹੈ। ਜਦਕਿ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਫਾਜ਼ਿਲਕਾ, ਮੁਕਤਸਰ, ਬਠਿੰਡਾ, ਫਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ ਅਤੇ ਮੋਹਾਲੀ ਲਈ ਯੈਲੋ ਅਲਰਟ ਹੈ। ਅਜਿਹਾ ਮੌਸਮ ਵੱਖ-ਵੱਖ ਬਿਮਾਰੀਆਂ ਦੀ ਸੰਭਾਵਨਾ ਨੂੰ ਵਧਾਉਂਦਾ ਹੈ ਜਿਵੇਂ ਕਿ ਫਲੂ, ਭਰੀ ਹੋਈ ਨੱਕ ਜਾਂ ਨਕਸੀਰ ਫਟਣਾ, ਜੋ ਕਿ ਆਮ ਤੌਰ ’ਤੇ ਜ਼ੁਕਾਮ ਦੇ ਲੰਬੇ ਸਮੇਂ ਤੱਕ ਸੰਪਰਕ ਵਿੱਚ ਰਹਿਣ ਕਰਕੇ ਹੁੰਦਾ ਹੈ। ਕੰਬਣੀ ਨੂੰ ਨਜ਼ਰਅੰਦਾਜ਼ ਨਾ ਕਰੋ। ਇਹ ਪਹਿਲਾ ਸੰਕੇਤ ਹੈ ਕਿ ਸਰੀਰ ਦੀ ਗਰਮੀ ਖਤਮ ਹੋ ਰਹੀ ਹੈ। ਘਰ ਦੇ ਅੰਦਰ ਆਓ। ਇਸ ਦੇ ਨਾਲ ਹੀ ਠੰਡ ਲੱਗਣ ਕਰਕੇ ਚਮੜੀ ਫਿੱਕੀ, ਸਖ਼ਤ ਅਤੇ ਸੁੰਨ ਹੋ ਜਾਂਦੀ ਹੈ ਅਤੇ ਅੰਤ ਵਿੱਚ ਸਰੀਰ ਦੀਆਂ ਉਂਗਲਾਂ, ਪੈਰਾਂ ਦੀਆਂ ਉਂਗਲਾਂ, ਨੱਕ ਅਤੇ ਕੰਨਾਂ ਦੀਆਂ ਲੋਬਾਂ ’ਤੇ ਕਾਲੇ ਛਾਲੇ ਨਜ਼ਰ ਆਉਂਦੇ ਹਨ। ਗੰਭੀਰ ਹਾਲਤ ਵਿੱਚ ਤੁਹਾਨੂੰ ਹਸਪਤਾਲ ਲਿਜਾਣਾ ਪੈ ਸਕਦਾ ਹੈ। ਕੁਝ ਥਾਵਾਂ ’ਤੇ ਖੇਤੀਬਾੜੀ, ਜਲ ਸਪਲਾਈ, ਟਰਾਂਸਪੋਰਟ ਅਤੇ ਬਿਜਲੀ ਖੇਤਰ ਪ੍ਰਭਾਵਿਤ ਹੋਣਗੇ। ਸਰਦੀਆਂ ਦੇ ਕੱਪੜੇ ਕਾਫ਼ੀ ਮਾਤਰਾ ਵਿੱਚ ਪਾਓ। ਕੱਪੜੇ ਦੀਆਂ ਕਈ ਪਰਤਾਂ ਵੀ ਲਾਭਦਾਇਕ ਹਨ। ਜਿੰਨਾ ਸੰਭਵ ਹੋ ਸਕੇ ਘਰ ਦੇ ਅੰਦਰ ਰਹੋ, ਠੰਡੀ ਹਵਾ ਦੇ ਸੰਪਰਕ ਤੋਂ ਬਚਣ ਲਈ ਘੱਟ ਤੋਂ ਘੱਟ ਯਾਤਰਾ ਕਰੋ। ਸੁੱਕੇ ਰਹੋ। ਗਿੱਲੇ ਹੋਣ ’ਤੇ ਸਰੀਰ ਦੀ ਗਰਮੀ ਦੇ ਨੁਕਸਾਨ ਨੂੰ ਰੋਕਣ ਲਈ ਤੁਰੰਤ ਕੱਪੜੇ ਬਦਲੋ।

## ਹਾਈਕੋਰਟ ਨੇ ਦਿੱਤੇ ਹੁਕਮ

## ਨਿਗਮ ਚੋਣਾਂ ’ਚ ਪੋਲਿੰਗ ਬੂਥਾਂ ’ਤੇ ਹੋਵੇਗੀ ਸਖ਼ਤ ਸੁਰੱਖਿਆ, ਹਰ ਬੂਥ ’ਤੇ ਤਾਇਨਾਤ ਰਹਿਣਗੇ ਸੁਰੱਖਿਆ ਕਰਮਚਾਰੀ

ਚੰਡੀਗੜ੍ਹ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)–ਪੰਜਾਬ ਵਿੱਚ ਨਗਰ ਨਿਗਮ ਚੋਣਾਂ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਖ਼ਤ ਹੁਕਮ ਜਾਰੀ ਕੀਤੇ ਹਨ। ਅਦਾਲਤ ਨੇ ਚੋਣ ਕਮਿਸ਼ਨ ਨੂੰ ਹਰ ਬੂਥ ’ਤੇ ਲੋੜੀਂਦੀ ਗਿਣਤੀ ’ਚ ਪੁਲਿਸ ਮੁਲਾਜ਼ਮ ਤਾਇਨਾਤ ਕਰਨ ਲਈ ਕਿਹਾ ਹੈ। ਇਸ ਤੋਂ ਪਹਿਲਾਂ ਅਦਾਲਤ ਨੇ ਪੂਰੀ ਚੋਣ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕਰਨ ਦੇ ਹੁਕਮ ਦਿੱਤੇ ਸਨ। ਅਦਾਲਤ ਦਾ ਸਾਫ਼ ਕਹਿਣਾ ਹੈ ਕਿ ਚੋਣਾਂ ਨਿਰਪੱਖ ਢੰਗ ਨਾਲ ਕਰਵਾਈਆਂ ਜਾਣ। ਅਦਾਲਤ ’ਚ ਦਾਇਰ ਪਟੀਸ਼ਨ ’ਚ ਕਿਹਾ ਗਿਆ ਸੀ ਕਿ ਪੰਚਾਇਤੀ ਚੋਣਾਂ ਦੌਰਾਨ ਵੋਟਰਾਂ ਨਾਲ ਹਿੰਸਾ ਤੇ ਡਰਾਉਣ-ਧਮਕਾਉਣ ਦੀਆਂ ਘਟਨਾਵਾਂ ਇਸ ਚੋਣ ’ਚ ਨਹੀਂ ਹੋਣੀਆਂ ਚਾਹੀਦੀਆਂ। ਇਹ ਯਕੀਨੀ ਬਣਾਇਆ ਜਾਵੇ ਕਿ ਵੋਟਰ ਬਿਨਾਂ ਕਿਸੇ ਡਰ ਦੇ ਪੂਰੀ ਸੁਰੱਖਿਆ ਨਾਲ ਵੋਟ ਪਾ ਸਕਣ। ਸਾਰੇ ਪੋਲਿੰਗ ਸਟੇਸ਼ਨਾਂ ’ਤੇ ਲੋੜੀਂਦੀ ਗਿਣਤੀ ਵਿਚ ਪੁਲਿਸ ਬਲ ਤਾਇਨਾਤ ਕੀਤੇ ਜਾਣ। ਪੰਜਾਬ ਵਿੱਚ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਫਗਵਾੜਾ ਅਤੇ ਪਟਿਆਲਾ ਵਿੱਚ ਨਿਗਮ ਚੋਣਾਂ ਹੋ ਰਹੀਆਂ ਹਨ। ਇਸ ਵਾਰ ਈਵੀਐਮ ਰਾਹੀਂ ਵੋਟਾਂ ਪੈਣਗੀਆਂ। 5 ਸ਼ਹਿਰਾਂ ਵਿੱਚ 37 ਲੱਖ 32 ਹਜ਼ਾਰ ਵੋਟਰ ਹਨ। ਇਨ੍ਹਾਂ ਵਿੱਚੋਂ 19.50 ਲੱਖ ਪੁਰਸ਼ ਵੋਟਰ ਅਤੇ 17 ਲੱਖ ਮਹਿਲਾ ਵੋਟਰ ਹਨ। ਪੋਲਿੰਗ ਦਾ ਸਮਾਂ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗਾ। ਪਹਿਲਾਂ ਵੋਟਿੰਗ ਸ਼ਾਮ 8 ਤੋਂ 4 ਵਜੇ ਤੱਕ ਹੁੰਦੀ ਸੀ ਪਰ ਇਸ ਵਾਰ 1 ਘੰਟਾ ਹੋਰ ਵਧਾ ਦਿੱਤੀ ਗਈ ਹੈ।




ਚੋਣਾਂ ਤੋਂ ਬਾਅਦ ਨਗਰ ਨਿਗਮ ਵਿੱਚ 381 ਮੈਂਬਰ ਚੁਣੇ ਜਾਣਗੇ। ਇਸ ਦੇ ਨਾਲ ਹੀ ਨਗਰ ਕੌਂਸਲਾਂ ਵਿੱਚ 598 ਮੈਂਬਰ ਚੁਣੇ ਜਾਣਗੇ। ਅਮਨ-ਕਾਨੂੰਨ ਲਈ ਵੀ ਪੂਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇੱਕ ਪੋਲਿੰਗ ਸਟੇਸ਼ਨ ’ਤੇ 3 ਵਿਅਕਤੀ ਹੋਣਗੇ। ਜੇ 2 ਪੋਲਿੰਗ ਸਟੇਸ਼ਨ ਹਨ ਤਾਂ ਉੱਥੇ 2 ਅਧਿਕਾਰੀ ਤਾਇਨਾਤ ਕੀਤੇ ਜਾਣਗੇ। ਕਮਿਸ਼ਨਰ ਨੇ ਕਿਹਾ ਹੈ ਕਿ ਚੋਣਾਂ ਦੌਰਾਨ ਅਸਲਾ ਰੱਖਣ ਵਾਲਿਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਹੁਣ ਤੋਂ ਲੈ ਕੇ ਚੋਣ ਪ੍ਰਕਿਰਿਆ ਖਤਮ ਹੋਣ ਤੱਕ ਹਥਿਆਰ ਲੈ ਕੇ ਜਾਣ ਦੀ ਮਨਾਹੀ ਹੋਵੇਗੀ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

# ਸੁਪਰੀਮ ਕੋਰਟ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ 'ਤੇ ਪ੍ਰਗਟ ਕੀਤੀ ਡੂੰਘੀ ਚਿੰਤਾ

## ਕਿਹਾ, ਕਿਸਾਨ ਆਗੂਆਂ ਨੂੰ ਜੋ ਵੀ ਸਮੱਸਿਆ ਹੈ, ਉਹ ਸਿੱਧੇ ਸੁਪਰੀਮ ਕੋਰਟ ਨੂੰ ਦੱਸਣ



ਨਵੀਂ ਦਿੱਲੀ 18 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਬਾਰੇ ਸੁਪਰੀਮ ਕੋਰਟ ਵਿੱਚ ਸੁਣਵਾਈ ਹੋਈ। ਸੁਪਰੀਮ ਕੋਰਟ ਨੇ 20 ਦਿਨਾਂ ਤੋਂ ਵੱਧ ਸਮੇਂ ਤੋਂ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਸੁਪਰੀਮ ਕੋਰਟ ਨੇ ਡੱਲੇਵਾਲ ਦੀ ਸਿਹਤ 'ਤੇ ਕਿਸੇ ਵੀ ਮਾੜੇ ਪ੍ਰਭਾਵ ਨੂੰ ਰੋਕਣ ਲਈ ਪੰਜਾਬ ਸਰਕਾਰ ਅਤੇ ਕਿਸਾਨਾਂ ਦੋਵਾਂ ਨੂੰ ਸਥਿਤੀ ਨਾਲ ਤੁਰੰਤ ਨਜਿੱਠਣ ਦੀ ਅਪੀਲ ਕਰਦਿਆਂ ਫੌਰੀ ਦਖਲ ਦੀ ਲੋੜ 'ਤੇ ਜ਼ੋਰ ਦਿੱਤਾ। ਸੁਪਰੀਮ ਕੋਰਟ ਨੇ ਪੰਜਾਬ ਦੇ ਡੀਜੀਪੀ ਅਤੇ ਮੁੱਖ ਸਕੱਤਰ ਨੂੰ ਡੱਲੇਵਾਲ ਦੇ ਮਰਨ ਵਰਤ ਨੂੰ ਖਤਮ ਕਰਵਾਣ ਲਈ ਕਿਹਾ ਹੈ । ਸੁਪਰੀਮ ਕੋਰਟ ਨੇ ਕਿਸਾਨਾਂ ਨੂੰ ਕਿਹਾ ਕਿ ਕਿਸਾਨ ਆਗੂਆਂ ਨੂੰ ਜੋ ਵੀ ਸਮੱਸਿਆ ਹੈ, ਉਹ ਸਿੱਧੇ ਸੁਪਰੀਮ ਕੋਰਟ ਨੂੰ ਦੱਸ ਸਕਦੇ ਹਨ, ਕਿਸਾਨਾਂ ਲਈ ਅਦਾਲਤ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਰਹਿਣਗੇ। ਸੁਪਰੀਮ ਕੋਰਟ ਨੇ ਕਿਹਾ ਕਿ ਹਰ ਵਿਅਕਤੀ ਦੀ ਜਾਨ ਕੀਮਤੀ ਹੈ । ਜਗਜੀਤ ਡੱਲੇਵਾਲ ਦੀ ਸਿਹਤ ਨੂੰ ਲੈ ਕੇ 19 ਦਸੰਬਰ ਨੂੰ ਦੁਪਹਿਰ 2 ਵਜੇ ਸੁਪਰੀਮ ਕੋਰਟ 'ਚ ਮੁੜ ਸੁਣਵਾਈ ਹੋਵੇਗੀ। ਅਦਾਲਤ ਅੰਦਰ ਸੁਣਵਾਈ ਦੌਰਾਨ ਭਾਰਤ ਸਰਕਾਰ ਦੀ ਤਰਫੋਂ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ, ਪੰਜਾਬ ਦੀ ਤਰਫੋਂ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਪੇਸ਼ ਹੋਏ। ਸੁਪਰੀਮ ਕੋਰਟ ਨੇ ਆਪਣੇ ਹੁਕਮਾਂ ਵਿੱਚ ਪੰਜਾਬ ਸਰਕਾਰ ਨੂੰ ਡਾਕਟਰਾਂ ਦੀ ਸਲਾਹ ਅਨੁਸਾਰ ਡੱਲੇਵਾਲ ਲਈ ਤੁਰੰਤ ਡਾਕਟਰੀ ਸਹਾਇਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਦੁਹਰਾਇਆ ਕਿ ਕਿਸਾਨਾਂ ਲਈ ਆਪਣੀਆਂ ਮੰਗਾਂ ਸਿੱਧੇ ਜਾਂ ਨੁਮਾਇੰਦਿਆਂ ਰਾਹੀਂ ਰੱਖਣ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਪਾਰਦਰਸ਼ੀ ਢੰਗ ਨਾਲ ਹੱਲ ਕਰਨ ਨੂੰ ਯਕੀਨੀ ਬਣਾਉਣ ਲਈ ਉਸ ਦੇ ਦਰਵਾਜ਼ੇ ਖੁੱਲ੍ਹੇ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV











**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# 7ਵੀਂ ਬਰਸੀ ਤੇ ਮਿੱਠੀ ਯਾਦ ਮੌਕੇ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 7ਵੀਂ ਬਰਸੀ ਤੇ ਮਿੱਠੀ ਯਾਦ ਵਿੱਚ

**ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ**

**ਸੁਖਮਨੀ ਸਾਹਿਬ ਜੀ ਦੇ ਪਾਠ**

**21 ਦਸੰਬਰ, 2024 (ਦਿਨ ਸ਼ਨਿੱਚਰਵਾਰ)**

**ਸਮਾਂ 2 ਤੋਂ 4 ਵਜੇ ਤੱਕ ਬਾਅਦ ਦੁਪਹਿਰ**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਸੱਤਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

**★ ਪ੍ਰੋਗਰਾਮ ★** ਬਾਅਦ ਦੁਪਹਿਰ 2 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਹੋਣਗੇ। ਗੁਰੂ ਘਰ ਦਾ ਕੀਰਤਨੀ ਜਥਾ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰੇਗਾ। ਉਪਰੰਤ ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ ਆਤਮਿਕ ਸਾਂਤੀ ਲਈ ਅਰਦਾਸ ਕੀਤੀ ਜਾਵੇਗੀ। ਗੁਰੂ ਕਾ ਲੰਗਰ ਅਤੁੱਟ ਵਰਤੇਗਾ

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV


ਨਗਰ ਜਨਸੂਆ ਅਤੇ ਹਲਕਾ ਨਿਵਾਸੀ ਸਾਧ ਸੰਗਤ ਵਲੋਂ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ
ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ
ਮਹਾਨ ਗੁਰਮਤਿ ਸਮਾਗਮ
21-22 ਦਿਸੰਬਰ 2024
ਦਿਨ ਸ਼ਨੀਵਾਰ ਅਤੇ ਐਤਵਾਰ
ਨਗਰ ਜਨਸੂਆ
ਜਿਲਾ ਅੰਬਾਲਾ
ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤਕ
ਸਿੰਘ ਸਾਹਿਬ ਗਿ. ਰਘਬੀਰ ਸਿੰਘ ਜੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
HSGMC
ਗਿ. ਪ੍ਰੇਮ ਸਿੰਘ ਜੀ
ਭਾਈ ਦਵਿੰਦਰ ਸਿੰਘ ਜੀ
ਪਰਮਪ੍ਰੀਤ ਸਿੰਘ ਜੀ
ਭਾਈ ਨਵਨਿੰਦਰ ਸਿੰਘ ਜੀ
ਗਿ. ਸੁਖਜਿੰਦਰ ਸਿੰਘ ਨੂਰ
ਭਾਈ ਜਤਿੰਦਰ ਸਿੰਘ ਨੂਰਪੁਰੀ
ਭਾਈ ਮਨਪ੍ਰੀਤ ਸਿੰਘ ਜੀ
ਭਾਈ ਗੁਰਮੇਲ ਸਿੰਘ ਜੀ


ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੋਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੁਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆ, 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ
ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ
ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ
57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਅਵਾਰਡ ਚੰਗੇਰੇ ਮਾਪੇ
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ
ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਇਸ ਮੁਕਾਬਲੇ ਵਿੱਚ 8 ਸਾਲ ਤੱਕ ਦੇ ਬੱਚੇ ਅਤੇ ਬੱਚੀਆਂ ਨੇ ਸਿੱਖੀ ਸਰੂਪ ਵਿੱਚ ਤਿਆਰ ਬਰ ਤਿਆਰ ਹੋਕੇ ਆਉਣਾ ਹੈ ਅਤੇ ਸਟੇਜ ਤੇ 1 ਮਿੰਟ ਲਈ ਬੋਲਣ ਦਾ ਸਮਾਂ ਦਿੱਤਾ ਜਾਵੇਗਾ ਜੀ
ਕਵੀਜ਼ ਮੁਕਾਬਲਾ
ਵਿਸ਼ਾ : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੇ ਜੀਵਨ ਸਬੰਧਿਤ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949
ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਸ੍ਰ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC
ਸ੍ਰ. ਤਰਵਿੰਦਰਪਾਲ ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ HSGMC
ਸ. ਹਰਪਾਲ ਸਿੰਘ ਕੰਬੋਜ
ਮੈਂਬਰ, HSGMC
ਸ. ਇੰਦਰਜੀਤ ਸਿੰਘ
ਮੈਂਬਰ, HSGMC
ਸ. ਰਜਿੰਦਰ ਸਿੰਘ
ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ
ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC



ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦਾ ਸ਼ਹੀਦੀ ਸਮਾਗਮ
ਅਤੇ ਦਮਦਮੀ ਟਕਸਾਲ ਦੇ ਕਾਰਜਕਾਰੀ ਮੁਖੀ ਸਚਖੰਡਵਾਸੀ
ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ੨੦ਵੀਂ ਸਾਲਾਨਾ ਬਰਸੀ
4 ਰੋਜ਼ਾ ਮਹਾਨ ਗੁਰਮਤਿ ਸਮਾਗਮ
ਸ਼ਨਿਚਰਵਾਰ 21 ਦਸੰਬਰ ਤੋ ਮੰਗਲਵਾਰ 24 ਦਸੰਬਰ 2024
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ
2-8 ਪਾਰਕ ਐਵਨਿਊ, ਸਾਊਥਾਲ, UB1 3AG
ਸ਼ਨਿਚਰਵਾਰ 21 ਦਸੰਬਰ ਰੈਣ ਸਬਾਈ ਕੀਰਤਨ 8:00PM - 5:00AM | ਐਤਵਾਰ 22 ਦਸੰਬਰ ਅੰਮ੍ਰਿਤ ਸੰਚਾਰ 11:00AM | ਐਤਵਾਰ 22 ਦਸੰਬਰ ਅਰੰਭ ਸ੍ਰੀ ਅਖੰਡ ਪਾਠ ਸਾਹਿਬ 4:00PM
ਭੋਗ ਸ੍ਰੀ ਅਖੰਡ ਪਾਠ ਸਾਹਿਬ ਅਤੇ ਮਹਾਨ ਗੁਰਮਤਿ ਸਮਾਗਮ
ਮੰਗਲਵਾਰ 24 ਦਸੰਬਰ 2024 - 3:00PM
ਗੁਰੂ ਸਾਹਿਬਾਣ ਦੇ ਸ਼ਸਤ੍ਰ ਅਤੇ ਕਕਾਰਾਂ ਦੇ ਦਰਸ਼ਨ: ਬਾਬਾ ਭਾਈ ਰੂਪ ਚੰਦ ਜੀ ਦਾ ਖਜਾਨਾ
Organised by: UK Sangat, Students of Damdami Taksal and Panthic Jathebandia
Giani Sohan Singh: 07877 017219 Giani Gurjinder Singh: 07400 830403 Bhai Harjit Singh: 07958 644655 Bhai Harjinder Singh: 07956 007161 Bhai Bhervinder Singh: 07985 246484




National Sahibzade Shaheedi Smagam
20th Annual Barsi of Baba Thakur Singh Jee Khalsa Bhindranwale
4 DAY MAHAAN GURMAT SMAGAM
SAT 21ST – TUES 24TH DECEMBER 2024
SRI GURU SINGH SABHA GURDWARA
2-8 PARK AVENUE, SOUTHALL, UB1 3AG
SAT 21ST DEC REHNSBHAI KIRTAN 8PM-5AM | SUN 22ND DEC AMRIT SANCHAAR 11:00AM | SUN 22ND DEC ARAMBH SRI AKHAND PATH SAHIB 4:00PM
BHOG SRI AKHAND PAATH SAHIB & MAHAAN SMAGAM
TUESDAY 24TH DEC 2024 - 3:00PM
Sant Baba Anhad Raj Singh Ji
Nanaksar Samrala Wale
Sant Baba Shinder Singh Ji
Sabhrawa Wale
Sant Baba Bhagwan Singh Ji
Rara Sahib - Begowal
DARSHAN OF GURU SAHIB'S SHASTAR & KAKAARS: THE BHAI ROOP CHAND JI COLLECTION
Giani Navtej Singh Ji
Damdami Taksal
Giani Daljit Singh Ji
Damdami Taksal
Bhai Jaswinder Singh Ji
Damdami Taksal
Dhadi Jatha Bhai Sukhninder Singh Ji
Sabhrawa
Giani Jaswinder Singh Ji
Damdami Taksal
Bhai Ranjit Singh Ji
Damdami Taksal
Bhai Maninder Singh Ji
Damdami Taksal
Bhai Lehna Singh Ji
Damdami Taksal
Bhai Santokh Singh Ji
Jalandhar Wale
Bhai Mehtaab Singh Ji
Jalandhar Wale
Bhai Avtar Singh Ji
Maskeen
Bhai Harcharan Singh Ji
Khalsa
Bhai Nirmal Singh Ji
Nagpuri
Bhai Davinder Singh Ji
Sodhi
Organised by: UK Sangat, Students of Damdami Taksal and Panthic Jathebandia
Giani Sohan Singh: 07877 017219 Giani Gurjinder Singh: 07400 830403 Bhai Harjit Singh: 07958 644655 Bhai Harjinder Singh: 07956 007161 Bhai Bhervinder Singh: 07985 246484


ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥
ਪਰਮ ਸਤਿਕਾਰ ਯੋਗ ਗੁਰੂ ਪਿਆਰੀ ਸਾਧ ਸੰਗਤ ਜੀ, ਸਨਿਮਰ ਬੇਨਤੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਨਾਮ ਬਾਣੀ ਦੇ ਰਸੀਏ
ਉੱਚੇ- ਸੁੱਚੇ ਜੀਵਨ ਦੇ ਧਾਰਨੀ, ਤਿਆਗ ਬੈਰਾਗ ਦੀ ਮੂਰਤਿ ਅਤੇ ਮਹਾਨ ਪਰਉਪਕਾਰੀ
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ
ਦੀ 20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰੂ ਅਰਜਨ ਦੇਵ ਗੁਰਦੁਆਰਾ, ਸਟੈਨਹੋਪ ਸਟਰੀਟ, ਡਰਬੀ DE23 6QJ ਵਿਖੇ
ਮਿਤੀ 27 ਦਸੰਬਰ 2024 ਤੋਂ 29 ਦਸੰਬਰ 2024 ਨੂੰ ਮਨਾਈ ਜਾ ਰਹੀ ਹੈ।
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ ਖਾਲਸਾ
ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਕਥਾ ਵਾਚਕ ਅਤੇ ਢਾਡੀ ਜੱਥੇ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।
ਪ੍ਰੋਗਰਾਮਾਂ ਦਾ ਵੇਰਵਾ
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 9:30 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਉਪਰੰਤ ਭਾਰੀ ਦੀਵਾਨ ਸੱਜਣਗੇ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ : ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂਹ ਸਾਧ ਸੰਗਤ ਡਰਬੀ
ਵਿਸ਼ੇਸ਼ ਸਹਿਯੋਗ : ਗੁਰੂ ਅਰਜਨ ਦੇਵ ਗੁਰਦੁਆਰਾ ਪ੍ਰਬੰਧਕ ਕਮੇਟੀ (07916253241, 01332-776872)


ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥
ਚਾਰ ਸਾਹਿਬਜਾਦੇ, ਮਾਤਾ ਗੁਜਰੀ ਜੀ ਅਤੇ ਸਮੂਹ ਸ਼ਹੀਦਾਂ ਸਿੰਘਾਂ-ਸਿੰਘਣੀਆਂ ਦੀ ਯਾਦ ਨੂੰ ਸਮਰਪਿਤ
ਸਲਾਨਾ ਮਹਾਨ ਗੁਰਮਤਿ ਸਮਾਗਮ
ਮਿਤੀ 21, 22, 23 ਦਸੰਬਰ 2024
ਦਿਨ ਸ਼ਨੀਵਾਰ, ਐਤਵਾਰ ਅਤੇ ਸੋਮਵਾਰ ਨੂੰ
(ਰੋਜ਼ਾਨਾ ਸ਼ਾਮ 4 ਵਜੇ ਤੋਂ ਰਾਤ 11 ਵਜੇ ਤੱਕ)
ਪਿੰਡ ਰਸੂਲਪੁਰ ਕਲਾਂ, ਅੱਡਾ ਭੱਤੂਆਣਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ
ਗਿਆਨੀ ਹਰਪ੍ਰੀਤ ਸਿੰਘ ਜੀ ਵਡਾਲਾ
ਕਥਾਵਾਚਕ ਗੁ: ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ
ਬਾਬਾ ਚਰਨਜੀਤ ਸਿੰਘ ਜੱਸੋਵਾਲ
ਕਥਾਵਾਚਕ
ਭਾਈ ਅਮਰਜੀਤ ਸਿੰਘ ਜੀ
ਗਾਲਿਬ ਖੁਰਦ ਵਾਲੇ
ਭਾਈ ਸਿਮਰਨਜੀਤ ਸਿੰਘ ਜੀ ਪਰਵਾਨਾ
ਕਵੀਸ਼ਰੀ ਜਥਾ
ਭਾਈ ਬਿੰਦਰ ਸਿੰਘ ਜੀ
ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ ਜੀ
ਬੀਬੀ ਬੇਅੰਤ ਕੌਰ ਜੀ ਖਾਲਸਾ
ਢਾਡੀ ਜਥਾ
ਭਾਈ ਸੁਖਦੇਵ ਸਿੰਘ ਜੀ ਡੱਲਾ
ਕਥਾਵਾਚਕ
ਭਾਈ ਗੁਰਸੇਵਕਜੀਤ ਸਿੰਘ ਜੀ ਕਲਾਨੌਰ ਵਾਲੇ
ਢਾਡੀ ਜਥਾ
ਭਾਈ ਕੁਲਵਿੰਦਰ ਸਿੰਘ ਜੀ ਮਾਹਲ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
ਗਿ. ਗੁਰਕੀਰਤ ਸਿੰਘ ਜੀ (ਡਬਲ) M.A
ਸ੍ਰੀ ਤਰਨ ਤਾਰਨ ਸਾਹਿਬ - ਕਵੀਸ਼ਰੀ ਜਥਾ
ਭਾਈ ਅੰਮ੍ਰਿਤਪਾਲ ਸਿੰਘ ਜੀ
ਕੀਰਤਨੀ ਜਥਾ
ਭਾਈ ਇਛਪਾਲ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
LIVE ON Mannat TV
ਨੋਟ: ਗੁਰਬਾਣੀ ਸੁਣਾਉਣ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਜਾਵੇਗਾ।
ਸਰਬੱਤ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੋ ਅਤੇ ਗੁਰੂ ਘਰ ਦੀਆਂ ਖੁਸ਼ੀਆ ਪ੍ਰਾਪਤ ਕਰੋ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਵੱਲੋਂ: ਗੁਰਦੁਆਰਾ ਬਾਬਾ ਗੁਰਬਖਸ਼ ਸਾਹਿਬ ਜੀ, ਪਿੰਡ ਰਸੂਲਪੁਰ ਕਲਾਂ ਇਲਾਕਾ ਨਿਵਾਸੀ ਅਤੇ ਸਮੂਹ ਸਾਧ ਸੰਗਤ।
ਸੰਪਰਕ ਕਰੋ: 94640-25066, 98763-16195, 98145-51701
Amar Art Studio

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ।

- ਸਿਮਰਨਜੀਤ ਸਿੰਘ

## 21 ਦਸੰਬਰ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 22 ਦਸੰਬਰ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 23 ਦਸੰਬਰ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 24 ਦਸੰਬਰ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 25 ਦਸੰਬਰ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 26-27 ਦਸੰਬਰ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 28 ਦਸੰਬਰ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 29 ਦਸੰਬਰ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ AWAZE QAUM
International Newspaper & WEB TV





### ਮਹਿਲਾ ਆਯੋਗ ਪੰਜਾਬ ਭਾਈ ਹਰਜਿੰਦਰ ਸਿੰਘ ਧਾਮੀ ਦੀ ਜਗ੍ਹਾ ਗੁਰਿੰਦਰ ਸਿੰਘ ਕੋਟਕਪੂਰਾ ਨੂੰ ਨੋਟਿਸ ਜਾਰੀ ਕਰੇ

# ਜਿਸ ਨੇ ਨਿੱਜੀ ਫੋਨ ਕਾਲ ਨੂੰ ਜਨਤਕ ਕੀਤਾ : ਭਾਈ ਭਿਓਰਾ





ਭਾਈ ਅਵਤਾਰ ਸਿੰਘ ਭਿਓਰਾ ਨੇ ਮਹਿਲਾ ਆਯੋਗ ਪੰਜਾਬ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਖਿਲਾਫ ਕਾਰਵਾਈ ਕਰਨ ਦੀ ਜਗ੍ਹਾ ਤੁਹਾਨੂੰ ਉਸ ਗੁਰਿੰਦਰ ਸਿੰਘ ਕੋਟਕਪੂਰਾ ਖਿਲਾਫ ਕਾਰਵਾਈ ਕਰਨੀ ਚਾਹੀਦੀ ਹੈ। ਜਿਸ ਨੇ ਇਕ ਨਿੱਜੀ ਫੋਨ ਕਾਲ ਨੂੰ ਰਿਕਾਰਡ ਕਰਕੇ ਜਨਤਕ ਕੀਤਾ ਹੈ। ਨਾਲੇ ਮਹਿਲਾ ਆਯੋਗ ਪੰਜਾਬ ਵਲੋਂ ਇਹ ਕਹਿਣਾਂ ਕਿ ਭਾਈ ਧਾਮੀ ਵਲੋਂ ਬੋਲੀ ਗਈ ਸ਼ਬਦਾਵਲੀ ਸੋਚ ਸਮਝ ਕੇ ਜਾਣਬੁੱਝ ਕੇ ਬੋਲੀ ਗਈ ਹੈ ਇਹ ਬਿਲਕੁੱਲ ਆਧਾਰ ਹੀਨ ਇਲਜ਼ਾਮ ਹੈ।


ਭਾਈ ਭਿਓਰੇ ਨੇ ਕਿਹਾ ਮਹਿਲਾ ਆਯੋਗ ਪੰਜਾਬ ਨੇ ਗੁਰੂ ਨਾਨਕ ਦੇਵ ਸਾਹਿਬ ਦੀ ਉਦਾਹਰਣ ਦੇ ਕੇ ਇਹ ਤੇ ਕਹਿ ਦਿੱਤਾ ਕਿ ਗੁਰੂ ਸਾਹਿਬ ਨੇ ਔਰਤਾਂ ਬਾਰੇ ਕਿਹਾ ( ਸੋ ਕਿਉਂ ਮੰਦਾ ਆਖਿਐ ਜਿਤੁ ਜੰਮਹਿ ਰਾਜਾਨ ) ਮੈਡਮ ਸਾਹਿਬਾ ਅਸੀਂ ਵੀ ਧੀਆਂ ਭੈਣਾਂ ਵਾਲੇ ਹਾਂ ਲੇਕਿਨ ਇਕ ਬੀਬੀ ਜਗੀਰ ਕੌਰ ਪਿੱਛੇ ਤੁਸੀਂ ਸਾਰੀ ਮਹਿਲਾਵਾਂ ਦੇ ਅਪਮਾਨ ਦੀ ਗੱਲ ਨੂੰ ਕਹਿ ਕੇ ਬੇਵਜ੍ਹਾ ਤੂਲ ਦੇ ਰਹੇ ਹੋ।ਬਾਕੀ ਦਸ ਦੇਈਏ ਹਰ ਔਰਤ ਦੀ ਆਪਣੀ ਵੱਖਰੀ ਪਛਾਣ ਹੁੰਦੀ ਹੈ ਉਸ ਪਹਿਚਾਣ ਕਰਕੇ ਹੀ ਸਮਾਜ ਵਿੱਚ ਉਸ ਨੂੰ ਮਾਨ - ਸਨਮਾਨ ਮਿਲਦਾ ਹੈ। ਰਹੀ ਬੀਬੀ ਜਗੀਰ ਕੌਰ ਦੀ ਗੱਲ ਅਸੀਂ ਇਸ ਬਾਰੇ ਕਿਸੇ ਨਾਲ ਵੀ ਜਦੋਂ ਗਲ ਕੀਤੀ ਹੈ ਉਹਨਾਂ ਦੇ ਵਿਚਾਰ ਭਾਈ ਧਾਮੀ ਨਾਲੋਂ ਕਿਤੇ ਜ਼ਿਆਦਾ ਖਤਰਨਾਕ ਹਨ।ਅਸੀਂ ਨੀਜੀ ਤੌਰ ਤੇ ਬੀਬੀ ਜਗੀਰ ਕੌਰ ਦੀ ਭਾਸ਼ਾ ਵੀ ਸੁਣੀਂ ਹੈ ਅਤੇ ਲੋਕਾਂ ਤੋਂ ਵੀ ਸੁਣਿਆਂ ਹੈ ਕਿ ਇਕ ...... ਨੂੰ ਪ੍ਰਧਾਨ ਬਣਾਇਆ ਹੋਇਆ ਹੈ। ਮਹਿਲਾ ਆਯੋਗ ਪੰਜਾਬ ਦੀ ਮੈਡਮ ਜੀ ਬੀਬੀ ਜਗੀਰ ਕੌਰ ਇਕ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਕਰਦੀ ਰਹੀ ਹੈ ਇਸ ਨੂੰ ਪੁੱਛੋ ਉਪਰੋਂ ਕ੍ਰਿਪਾਨ ਪਾ ਕੇ ਆਪਣੇ ਆਪ ਨੂੰ ਅੰਮ੍ਰਿਤਧਾਰੀ ਕਹਿਣ ਵਾਲੀ ਦੀਆਂ ਮੁੱਛਾਂ ਕਿੱਥੇ ਨੇ ਕਿ ਇੱਥੇ ਅੰਮ੍ਰਿਧਾਰੀ ਮਹਿਲਾਵਾਂ ਦਾ ਅਪਮਾਨ ਨਹੀਂ ਹੋ ਰਿਹਾ।ਯੂਟਿਊਬ, ਇੰਸਟਾਗ੍ਰਾਮ, ਫੇਸਬੁੱਕ, ਸਨੈਪਚੈਟ ਤੇ ਰੋਜ਼ ਕੁੜੀਆਂ ਵਲੋਂ ਨੰਗਪੁਣਾਂ ਵਿਖਾ ਕੇ ਅਸ਼ਲੀਲਤਾ ਫੈਲਾਈ ਜਾਂਦੀ ਹੈ ਉਸ ਵਕ.ਤ ਮਹਿਲਾਵਾਂ ਦਾ ਅਪਮਾਨ ਨਹੀਂ ਹੁੰਦਾ। ਛੋਟੇ -ਛੋਟੇ ਬੱਚੇ ਮੋਬਾਇਲ ਤੇ ਪੜਾਈ ਕਰਦੇ ਹਨ। ਅਚਾਨਕ ਵਿੱਚੇ ਹੀ ਕੁੜੀਆਂ ਦੀਆਂ ਗੰਦੀਆਂ ਪੋਸਟਾਂ ਆ ਜਾਂਦੀਆਂ ਹਨ ਜਿਹੜਿਆਂ ਅਤਿ ਨੀਵੇਂ ਦਰਜੇ ਦੀ ਅਸ਼ਲੀਲ ਭਾਸ਼ਾ ਦੀ ਵਰਤੋਂ ਕਰਦੀਆਂ ਹਨ ਕਿ ਮਹਿਲਾ ਆਯੋਗ ਨੇ ਓਹਨਾਂ ਨੂੰ ਕਦੇ ਆਪਣੇ ਆਯੋਗ ਵਿੱਚ ਸੱਦਿਆ ਹੈ। ਹਜਾਰੋਂ ਮਾਪੇ ਕਹਿੰਦੇ ਹਨ ਇਹਨਾਂ ਕੰਜਰੀਆਂ ਕੁੜੀਆਂ ਨੇ ਫੋਨਾਂ ਰਾਹੀਂ ਗੰਦ ਪਾਇਆ ਹੈ ਕਿ ਮਹਿਲਾ ਆਯੋਗ ਓਹਨਾਂ ਮਾਪਿਆਂ ਨੂੰ ਵੀ ਆਪਣੇਂ ਆਯੋਗ ਵਿੱਚ ਬੁਲਾਏ ਗਾ ਕਿ ਤੁਸੀਂ ਕੰਜ਼ਰੀ ਕਹਿ ਕੇ ਔਰਤਾਂ ਦਾ ਅਪਮਾਨ ਕੀਤਾ ਹੈ।

ਭਾਈ ਭਿਓਰੇ ਨੇ ਕਿਹਾ ਕਿ ਅਸੀਂ ਵੇਖਿਆ ਹੈ ਕੀਵੇਂ ਇਕ ਕੁੜੀ 8-8-10-10 ਨੌਜਵਾਨ ਤੇ ਅਲਗ - ਅਲਗ ਥਾਣਿਆਂ ਤੋਂ ਰੇਪ ਕੇਸ ਪੁਆ ਕੇ 10-10-20-20 ਲੱਖ ਰੁਪਏ ਚ ਸਮਝੌਤਾ ਕਰਦੀਆਂ ਹਨ।ਓਦੋਂ ਮਹਿਲਾਵਾਂ ਦਾ ਸਨਮਾਨ ਕਿੱਥੇ ਜਾਂਦਾ ਹੈ। ਕਿ ਕਦੀ ਮਹਿਲਾ ਆਯੋਗ ਨੇ ਓਹਨਾਂ ਕੁੜੀਆਂ ਖਿਲਾਫ ਐਕਸ਼ਨ ਲਿਆ ਹੈ।ਮਹਿਲਾ ਆਯੋਗ ਪੰਜਾਬ ਦੀ ਮੈਡਮ ਜੀ ਤੁਸੀਂ ਕਾਰਵਾਈ ਕਰਨੀ ਹੈ ਤੇ ਗੁਰਿੰਦਰ ਸਿੰਘ ਕੋਟਕਪੂਰਾ ਖਿਲਾਫ ਕਰੋ ਜਿਸ ਨੇ ਇਸ ਕਾਲ ਨੂੰ ਰਿਕਾਰਡ ਕਰਕੇ ਜਨਤਕ ਕੀਤਾ ਹੈ। ਜਿਸ ਨੇ ਕਿਸੇ ਸਾਜ਼ਿਸ਼ ਅਧੀਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਬੀਬੀ ਜਗੀਰ ਕੌਰ ਬਾਰੇ ਉਕਸਾ ਕੇ ਓਹਨਾਂ ਨੂੰ ਇਦਾਂ ਬੋਲਣ ਤੇ ਮਜਬੂਰ ਕੀਤਾ ਅਤੇ ਕਾਲ ਰਿਕਾਰਡ ਕੀਤੀ। ਹਾਂ ਜੇ ਭਾਈ ਧਾਮੀ ਪਬਲੀਕਲੀ ਤੌਰ ਤੇ ਬੀਬੀ ਜਗੀਰ ਕੌਰ ਬਾਰੇ ਬੋਲਦੇ ਫਿਰ ਓਹਨਾ ਖਿਲਾਫ ਤੁਸੀਂ ਕਾਰਵਾਈ ਕਰ ਸਕਦੇ ਸੀ।ਅਸੀਂ ਪ੍ਰੈਸ ਆਵਾਜਿ ਕੌਮ ਦੇ ਜਰੀਏ ਮਹਿਲਾ ਆਯੋਗ ਪੰਜਾਬ ਨੂੰ ਆਪਣੇ ਵਿਚਾਰ ਦਸ ਰਹੇ ਹਾਂ ਉਮੀਦ ਹੈ ਮਹਿਲਾ ਆਯੋਗ ਪੰਜਾਬ ਸਾਡੀ ਇਸ ਦਲੀਲਾਂ ਤੇ ਗੌਰ ਕਰੇਗੀ।

**-ਭਾਈ ਅਵਤਾਰ ਸਿੰਘ ਭਿਓਰਾ**
**ਮੋ.ਨੰ. 7065379792**

## ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਫੌਜਾ ਸਿੰਘ ਦੀ ਧਰਮ ਸਪੁਤਨੀ ਬੀਬੀ ਅਮਰਜੀਤ ਕੌਰ ਦਾ ਹਾਲ ਜਾਨਣ ਲਈ ਹਸਪਤਾਲ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ





**ਅੰਮ੍ਰਿਤਸਰ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਫੌਜਾ ਸਿੰਘ ਜਿੰਨਾਂ 1978 ਦੀ ਵੈਸਾਖੀ ਵਾਲੇ ਦਿਨ ਸ਼੍ਰੀ ਅੰਮ੍ਰਿਤਸਰ ਸਾਹਿਬ ਸ਼੍ਰੀ ਗੂਰੂ ਗ੍ਰੰਥ ਸਾਹਿਬ ਦੇ ਪ੍ਰਤੀ ਕੂੜ ਪ੍ਰਚਾਰ ਕਰ ਰਹੇ ਨਕਲੀ ਨਿਰੰਕਾਰੀ ਨੂੰ ਰੋਕਦੇ ਹੋਏ 13 ਸਿੰਘਾਂ ਸਮੇਤ ਸ਼ਹਾਦਤ ਦਾ ਜਾਮ ਪੀਤਾ ਉਹਨਾਂ ਦੀ ਧਰਮ ਸਪੁਤਨੀ ਬੀਬੀ ਅਮਰਜੀਤ ਕੌਰ ਜੋ ਪਿਛਲੇ ਦਿਨੀ ਅਚਾਨਕ ਢਿੱਲੇ ਹੋ ਗਏ ਉਹਨਾ ਦਾ ਸਰਦਾਰ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜੀਆਂ ਦਿਸ਼ਾ ਨਿਰਦੇਸ਼ਾਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੁੱਖ ਸਕੱਤਰ ਸਰਦਾਰ ਪ੍ਰਤਾਪ ਸਿੰਘ ਅਤੇ ਸਾਬਕਾ ਸਕੱਤਰ ਸਰਦਾਰ ਸੁਖਦੇਵ ਸਿੰਘ ਭੂਰਾ ਕੋਹਨਾ ਸੇਹਤ ਦਾ ਹਾਲ ਜਾਨਣ ਗੁਰੂ ਰਾਮਦਾਸ ਹਸਪਤਾਲ ਪਹੁੰਚੇ ਇਸ ਸਮੇਂ ਸ਼ਹੀਦ ਭਾਈ ਫੌਜਾ ਟਰਸਟ ਦੇ ਵਾਈਸ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਬਾਗੀ ਅਤੇ ਗੁਰੂ ਰਾਮਦਾਸ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਸਰਦਾਰ ਨਵਜੋਤ ਸਿੰਘ ਬਰਾੜ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM

# AWAZE QAUM TOURS & TRAVELS


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


**ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

Account Name : RAGHBIR SINGH
Bank Name : HALIFAX
Sort Code : 11-08-07
Account No. : 00516474

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHT YATRA
### 5 TAKHAT YATRA - 10 NIGHTS / 11 DAYS


ਆਵਾਜ਼ਿ ਕੌਮ AWAZE QAUM


### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਭੋਗ ਅਤੇ ਅੰਤਿਮ ਅਰਦਾਸ



ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਸ.ਮਹਿੰਦਰ ਸਿੰਘ ਨੰਬਰਦਾਰ

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 11-12-24 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਸ਼੍ਰੀ ਸਹਿਜ ਪਾਠ ਦੇ ਭੋਗ

ਮਿਤੀ 20-12-24 ਸ਼ੁੱਕਰਵਾਰ ਦਿਨ ਨੂੰ

ਪਿੰਡ ਕਾਲੇ ਘਣੂਪੁਰ, ਡੇਰਾ ਬਾਬਾ ਦਰਸ਼ਨ ਸਿੰਘ ਕੁੱਲੀ ਵਾਲੇ, ਰਾਮ ਤੀਰਥ ਰੋਡ ਅੰਮ੍ਰਿਤਸਰ

ਸਮਾਂ 11:00 ਤੋਂ 1:00 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

Punjabi Bhog Card Maker

**ਅਮਰਜੀਤ ਕੌਰ(ਪਤਨੀ)**
**ਰਣਜੀਤ ਸਿੰਘ ਨੰਬਰਦਾਰ( ਪੁੱਤਰ)**
**ਹਰਭਾਗ ਸਿੰਘ ਸੁਪਾਰੀਵਿੰਡ (ਭਰਾ)**
**ਸਮੂਹ ਸੰਧੂ ਪਰਿਵਾਰ 84340-60000**

**ਮਨਪ੍ਰੀਤ ਸਿੰਘ ਸੰਧੂ ਕੈਨੇਡਾ (ਪੋਤਰਾ)**
**ਹਰਮਨਪਾਲ ਸਿੰਘ ਸੰਧੂ ਕੈਨੇਡਾ (ਪੋਤਰਾ)**
**ਜਗਮੀਤ ਸਿੰਘ ਬਾਠ ਕੈਨੇਡਾ (ਦੋਹਤਾ)**
**ਮਨਜੋਤ ਸਿੰਘ ਹੁੰਦਲ ਕੈਨੇਡਾ (ਦੋਹਤਾ)**

## ਨੋਟ- ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ।




## ਸਫਰ-ਏ-ਸ਼ਹਾਦਤ ਸਮਾਗਮ ਹਰਿਆਣਾ ਕਮੇਟੀ ਵਲੋਂ

# 21 ਦਸੰਬਰ ਨੂੰ ਕਾਲਾਂਵਾਲੀ ਵਿਖੇ ਹੋਵੇਗਾ



**☛ ਦਸੰਬਰ 21 ਤੋਂ 29 ਤੱਕ ਪੂਰੇ ਹਰਿਆਣਾ ਵਿੱਚ ਸ਼ਫਰ-ਏ-ਸ਼ਹਾਦਤ ਸਮਾਗਮ ਹੋਣਗੇ ☛ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਕਰੇਗੀ ਸ਼ਿਰਕਤ - ਜਥੇਦਾਰ ਬਲਜੀਤ ਸਿੰਘ ਦਾਦੂਵਾਲ**

ਕਾਲਾਂਵਾਲੀ 18 ਦਸੰਬਰ (ਗੁਰਮੀਤ ਸਿੰਘ/ਸੁਰਿੰਦਰ ਪਾਲ ਸਿੰਘ) ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਹਿਬਜ਼ਾਦੇ ਮਾਤਾ ਗੁਜਰੀ ਜੀ ਅਤੇ ਸਿੱਖ ਸ਼ਹੀਦਾਂ ਦੀ ਯਾਦ ਵਿੱਚ 21 ਦਸੰਬਰ ਨੂੰ ਕਾਲਾਂਵਾਲੀ ਦੀ ਪੁਰਾਣੀ ਅਨਾਜ ਮੰਡੀ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਸ਼ਫਰ-ਏ-ਸ਼ਹਾਦਤ ਸਮਾਗਮ ਕਰਵਾਇਆ ਜਾਵੇਗਾ ਇਸ ਸਬੰਧੀ ਅੱਜ ਮੰਡੀ ਕਾਲਾਂਵਾਲੀ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਅਜ਼ਾਦ ਨੇ ਦੱਸਿਆ ਕੇ ਇਸ ਪ੍ਰੋਗਰਾਮ ਵਿੱਚ ਇਲਾਕੇ ਦੀਆਂ ਸਿੱਖ ਸੰਗਤਾਂ ਵੱਡੀ ਗਿਣਤੀ ਵਿਚ ਪੁੱਜਣਗੀਆਂ ਉਨਾਂ ਕਿਹਾ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਾਰਾ ਪਰਿਵਾਰ ਧਰਮ ਲਈ ਕੁਰਬਾਨ ਕਰ ਦਿੱਤਾ ਇਸੇ ਲਈ ਉਨਾਂ ਦੀ ਕੁਰਬਾਨੀ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਪੂਰੇ ਹਰਿਆਣਾ ਵਿੱਚ ਧਰਮ ਪ੍ਰਚਾਰ ਰਾਹੀਂ ਸ਼ਫ਼ਰ-ਏ-ਸ਼ਹਾਦਤ ਸਮਾਗਮ ਕਰਵਾਇਆ ਜਾਂਦਾ ਹੈ ਉਨਾਂ ਦੱਸਿਆ ਕੇ ਇਹ ਪ੍ਰੋਗਰਾਮ 21 ਦਸੰਬਰ ਤੋਂ ਮੰਡੀ ਕਾਲਾਂਵਾਲੀ ਤੋਂ ਸ਼ੁਰੂ ਹੋਣਗੇ ਅਤੇ ਹਰਿਆਣਾ ਦੇ ਵੱਖ-ਵੱਖ ਸਥਾਨਾਂ ਜਿਵੇਂ ਕੈਥਲ,ਕਰਨਾਲ,ਅੰਬਾਲਾ, ਕੁਰੂਕਸ਼ੇਤਰ,ਅਸੰਧ,ਪੰਚਕੂਲਾ,ਜੀਂਦ, ਸਿਰਸਾ ਆਦਿ ਥਾਵਾਂ 'ਤੇ ਹਰ ਰੋਜ਼ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ, 29 ਦਸੰਬਰ ਨੂੰ ਸਮਾਗਮਾਂ ਦੀ ਸਮਾਪਤੀ ਹੋਵੇਗੀ ਉਨਾਂ ਦੱਸਿਆ ਕੇ ਇਨਾਂ ਧਾਰਮਿਕ ਪ੍ਰੋਗਰਾਮਾਂ ਵਿੱਚ ਪੰਥ ਪ੍ਰਸਿੱਧ ਰਾਗੀ,ਢਾਡੀ ਜੱਥੇ,ਪ੍ਰਚਾਰਕ ਅਤੇ ਸੰਤ ਮਹਾਂਪੁਰਸ਼ ਸਿੱਖ ਸੰਗਤਾਂ ਨੂੰ ਨਿਹਾਲ ਕਰਨਗੇ ਇਸ ਮੌਕੇ ਜਥੇਦਾਰ ਦਾਦੂਵਾਲ ਜੀ ਦੇ ਨਾਲ ਹਰਿਆਣਾ ਕਮੇਟੀ ਮੈਂਬਰ ਸਰਦਾਰ ਪਰਮਜੀਤ ਸਿੰਘ ਮਾਖਾ,ਸਰਦਾਰ ਮਲਕੀਤ ਸਿੰਘ ਪੰਨੀਵਾਲਾ ਮੈਂਬਰ,ਭਾਈ ਬਲਵੰਤ ਸਿੰਘ ਗੋਪਾਲਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਸਿਰਸਾ,ਭਾਈ ਗੋਬਿੰਦ ਸਿੰਘ ਸਹਾਇਕ ਇੰਚਾਰਜ ਸਿਰਸਾ,ਗਿਰਧਾਰੀ ਲਾਲ ਪ੍ਰਧਾਨ ਆੜਤੀਆ ਐਸ਼ੋਸੀਏਸ਼ਨ ਕਾਲਾਂਵਾਲੀ,ਸੇਠ ਸੁਰੇਸ਼ ਸਿੰਗਲਾ,ਐਡਵੋਕੇਟ ਗੁਰਮੀਤ ਸਿੰਘ, ਦਲਜੀਤ ਸਿੰਘ ਕਾਲਾਂਵਾਲੀ,ਹਰਬੰਸ ਸਿੰਘ ਸਾਬਕਾ ਪ੍ਰਧਾਨ ਗੁਰਦੁਆਰਾ ਦੂਖ ਨਿਵਾਰਣ ਕਾਲਾਂਵਾਲੀ ਪਿੰਡ,ਜਸਵਿੰਦਰ ਸਿੰਘ ਪੱਪਾ,ਅਸ਼ੋਕ ਕੁਮਾਰ ਦੁਰਗਾ ਹਾਊਸ,ਭਾਈ ਗੁਰਪ੍ਰੀਤ ਸਿੰਘ,ਗ੍ਰੰਥੀ ਹਰਜਿੰਦਰ ਸਿੰਘ ਅਸੀਰ,ਕਵੀਸ਼ਰ ਜਰਨੈਲ ਸਿੰਘ ਸੱਜਣ,ਕਵੀਸ਼ਰ ਸੁਖਵਿੰਦਰ ਸਿੰਘ ਭੰਬੂਰ,ਜਗਮੀਤ ਸਿੰਘ ਬਰਾੜ ਆਦਿ ਹਾਜ਼ਰ ਸਨ ਸਮੇਤ ਖੇਤਰ ਦੇ ਬਹੁਤ ਸਾਰੇ ਸਨਮਾਨਿਤ ਮੌਜੂਦ ਸਨ।

## ਪੰਜਾਬ ਦੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਖਨੌਰੀ ਬਾਰਡਰ ਤੇ ਜਗਜੀਤ ਸਿੰਘ ਡੱਲੇਵਾਲ ਦਾ ਹਾਲ-ਚਾਲ ਜਾਨਣ ਲਈ ਪਹੁੰਚੇ



**ਚੰਡੀਗੜ੍ਹ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਖਨੌਰੀ ਬਾਰਡਰ ਉੱਤੇ ਚੱਲ ਰਹੇ ਕਿਸਾਨ ਮੋਰਚੇ ਵਿੱਚ ਸ਼ਮੂਲੀਅਤ ਕੀਤੀ ਅਤੇ ਉੱਘੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਹਾਲ ਚਾਲ ਪੁੱਛਿਆ। ਉਨਾਂ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਭਰੋਸਾ ਦਿੱਤਾ ਕਿ ਉਹ ਡਟ ਕੇ ਕਿਸਾਨਾਂ ਦੀ ਹਮਾਇਤ ਕਰਨਗੇ। ਉਹਨਾਂ ਕੇਂਦਰ ਦੀ ਭਾਜਪਾ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਕਿਸਾਨਾਂ ਪ੍ਰਤੀ ਸੁਹਿਰਦਤਾ ਵਾਲਾ ਰਵੱਈਆ ਅਪਣਾਵੇ ਅਤੇ ਉਹਨਾਂ ਦੀਆਂ ਮੰਗਾਂ ਉੱਤੇ ਧਿਆਨ ਕੇਂਦਰਿਤ ਕਰਕੇ ਲੰਮੇ ਸਮੇਂ ਤੋਂ ਲਟਕਦੀਆਂ ਦੇਸ਼ ਦੇ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਕਰੇ ਤੇ ਫ਼ਸਲਾਂ ਤੇ ਐੱਮ.ਐੱਸ.ਪੀ ਦੇਣਾ ਯਕੀਨੀ ਬਣਾਏ।

## ਪਿੰਡ ਗੁਰੂਵਾਲੀ ਵਿਖੇ ਸ਼ਹੀਦਾਂ ਦੀ ਯਾਦ ਚ 21ਦਸੰਬਰ ਤੋ 26 ਦਸੰਬਰ ਕਰਵਾਏ ਜਾਣਗੇ ਗੁਰਮਤਿ ਸਮਾਗਮ:ਭਾਈ ਕਸ਼ਮੀਰ ਸਿੰਘ



ਚੌਕ ਮਹਿਤਾ18ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਚਾਰੇ ਸਾਹਿਬਜਾਦੇ ਮਾਤਾ ਗੁਜਰ ਕੌਰ ਜੀ ਅਤੇ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਮਿੱਠੀ ਪਿਆਰੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ ਮਿਤੀ 21 ਤੋਂ 26 ਦਸੰਬਰ 2024 ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਸਮੂਹ ਸੰਗਤ ਪਿੰਡ ਗੁਰੂਵਾਲੀ ਵੱਲੋਂ ਗੁ: ਭਗਤ ਗੁਰਕਿਰਪਾਲ ਸਿੰਘ ਜੀ, ਪੱਤੀ ਮਸੱਦੀ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਾਣਕਾਰੀ ਦਿੰਦੇ ਹੋਏ ਮੁੱਖ ਸੇਵਾਦਾਰ ਭਾਈ ਕਸ਼ਮੀਰ ਸਿੰਘ ਜੀ ਨੇ ਦੱਸਿਆ ਕਿ ਸਮਾਗਮ ਵਿੱਚ ਗੁਰੂ ਘਰ ਦੇ ਕੀਰਤਨੀਏ, ਸਿੰਘ ਸਾਹਿਬ, ਮਹਾਪੁਰਸ਼, ਰਾਗੀ ਢਾਡੀ, ਕਥਾਵਾਚਕ, ਗੁਰਬਾਣੀ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ਜਿਸ ਵਿੱਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸ੍ਰੀ ਆਕਾਲ ਤਖਤ ਸਾਹਿਬ,ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਜੀ,ਬਾਬਾ ਕਸ਼ਮੀਰ ਸਿੰਘ ਮੁੱਖ ਸੇਵਾਦਾਰ ਗੁਰਦਆਰਾ ਟਾਹਲਾ ਸਾਹਿਬ ਜੀ, ਭਾਈ ਬਲਬੀਰ ਸਿੰਘ ਪਾਰਸ ਜੀ (ਢਾਡੀ ਜੱਥਾ),ਸੋਹੀ ਬ੍ਰਦਰਜ,ਭਾਈ ਹਰਬਖਸ਼ ਸਿੰਘ ਜੀ, ਭਾਈ ਸੁਖਬੀਰ ਸਿੰਘ(ਕਵੀਸ਼ਰ)ਬੀਬੀ ਦਲੇਰ ਕੌਰ ਜੀ ਖਾਲਸਾ ਢਾਡੀ ਜਥਾ ਲੁਧਿਆਣੇ ਵਾਲੇ,ਬਾਬਾ ਬੰਤਾ ਸਿੰਘ ਜੀ ਕਥਾਵਾਚਕ ਮੁੰਡਾ ਪਿੰਡ ਵਾਲੇ,ਭਾਈ ਸਰਬਜੀਤ ਸਿੰਘ ਜੀ ਕਥਾਵਾਚਕ ਲੁਧਿਆਣੇ ਵਾਲੇ,ਗਿਆਨੀ ਵਿਸ਼ਾਲ ਸਿੰਘ ਜੀ (ਕਥਾ ਵਾਚਕ) ਸੰਗਤਾ ਨੂੰ ਗੁਰਬਾਣੀ ਰਸ ਨਾਲ ਜੋੜਨਗੇ ਉਹਨਾਂ ਸਮੂਹ ਸੰਗਤਾ ਨੂੰ ਬੇਨਤੀ ਕੀਤੀ ਕਿ ਸਮਾਗਮ ਵਿੱਚ ਹਾਜਰੀਆਂ ਭਰੋ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।


ਸਿਰ ਜਾਵੇ ਨਾ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
21 ਦਸੰਬਰ ਤੋਂ
29 ਦਸੰਬਰ 2024 ਤੱਕ
ਮਿਤੀ 21 ਦਸੰਬਰ 2024
ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ
ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
ਮਿਤੀ 22 ਦਸੰਬਰ 2024
ਸਮਾਂ: ਸਾਮ 6 ਤੋਂ 9 ਤੱਕ ਰਾਤ
ਗੁਰਦੁਆਰਾ ਮੰਜੀ ਸਾਹਿਬ ਅੰਬਾਲਾ
ਮਿਤੀ 23 ਦਸੰਬਰ 2014
ਸਮਾਂ: ਸਵੇਰੇ 11 ਤੋਂ 3 ਵਜੇ ਤੱਕ
ਗੁਰਦੁਆਰਾ ਨਿੰਮ ਸਾਹਿਬ ਕੈਂਥਲ
ਮਿਤੀ 24 ਦਸੰਬਰ 2014
ਸਮਾਂ: ਸ਼ਾਮ 6 ਤੋਂ 9 ਵਜੇ ਤੱਕ
ਗੁਰਦੁਆਰਾ ਮੰਜੀ ਸਾਹਿਬ ਜੀਂਦ
ਮਿਤੀ 25 ਦਸੰਬਰ 2024
ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ
ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਕਰਨਾਲ
ਮਿਤੀ 26 ਦਸੰਬਰ 2024
ਸਮਾਂ: ਸਵੇਰੇ 11 ਤੋਂ 3 ਵਜੇ ਤੱਕ
ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ
ਮਿਤੀ 27 ਦਸੰਬਰ 2024
ਸਮਾਂ: ਸਵੇਰੇ 11 ਤੋਂ 3 ਵਜੇ ਤੱਕ
ਗੁਰਦੁਆਰਾ ਸਿੰਘ ਸਭਾ ਅਸੰਧ ਕਰਨਾਲ
ਮਿਤੀ 28 ਦਸੰਬਰ 2014
ਸਮਾਂ: ਸ਼ਾਮ 6 ਤੋਂ 9 ਵਜੇ ਤੱਕ
ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਡਾ ਸਾਹਿਬ ਪੰਚਕੂਲਾ
ਮਿਤੀ 29 ਦਸੰਬਰ 2024
ਸਮਾਂ: ਸਵੇਰੇ 11 ਤੋਂ 3 ਵਜੇ ਤੱਕ
ਗੁਰਦੁਆਰਾ ਪੰਜੋਖੜਾ ਸਾਹਿਬ ਪਾਤਸ਼ਾਹੀ ਅੱਠਵੀਂ ਅੰਬਾਲਾ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ
ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਜਥੇਦਾਰ ਭੂਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ


ਸਿਰ ਜਾਵੇ ਤਾਂ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
ਮਿਤੀ 21 ਦਸੰਬਰ 2024
ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ
ਸਥਾਨ:
ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ
ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਜਥੇਦਾਰ ਭੂਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਸ਼ਿਆਂ ਦੀ ਰੋਕਥਾਮ ਲਈ ਚੇਤਨਤਾ ਜ਼ਰੂਰੀ- ਪੂਨਮ ਸਿੰਘ

# ਵੱਖ-ਵੱਖ ਖੇਤਰਾਂ 'ਚ ਮੱਲ੍ਹਾਂ ਮਾਰਨ ਵਾਲੇ ਵਿਦਿਆਰਥੀ ਸਨਮਾਨਿਤ





ਬਠਿੰਡਾ, 18 ਦਸੰਬਰ (ਗੁਰਜੰਟ ਸਿੰਘ ਨਥੇਹਾ)- ਨਸ਼ਿਆਂ ਦੀ ਰੋਕਥਾਮ ਲਈ ਚੇਤਨਤਾ ਬਹੁਤ ਜ਼ਰੂਰੀ ਹੈ, ਸਾਡੇ ਸਭ ਲਈ ਨਸ਼ਿਆਂ ਖਿਲਾਫ ਇਕੱਠੇ ਹੋ ਕੇ ਜਾਗਰੂਕਤਾ ਫੈਲਾਉਣਾ ਸਮੇਂ ਦੀ ਮੁੱਖ ਲੋੜ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਰਨਲ) ਮੈਡਮ ਪੂਨਮ ਸਿੰਘ ਨੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ ਯੁਵਕ ਸੇਵਾਵਾਂ ਵਿਭਾਗ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਪਿੰਡ ਤੁੰਗਵਾਲੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਨਸ਼ਿਆਂ ਖਿਲਾਫ ਕਰਵਾਏ ਗਏ ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸਾਡਾ ਇੱਕਮੁੱਠ ਹੋਣਾ ਜ਼ਰੂਰੀ ਹੈ। ਉਨ੍ਹਾਂ ਉਮੀਦ ਜਤਾਈ ਕੇ ਪਿੰਡ ਦੀ ਸਮੂਹ ਪੰਚਾਇਤ ਤੇ ਸਕੂਲ ਦਾ ਸਮੁੱਚਾ ਸਟਾਫ ਇਕੱਠੇ ਹੋ ਕੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਲਈ ਹੋਰ ਸ਼ਲਾਘਾਯੋਗ ਉਪਰਾਲੇ ਕਰ ਸਕਦੇ ਹਨ। ਇਸ ਮੌਕੇ ਮੈਡਮ ਪੂਨਮ ਸਿੰਘ ਨੇ ਪਿੰਡ ਦੇ ਬਜ਼ੁਰਗਾਂ ਵੱਲੋਂ ਆਜ਼ਾਦੀ ਸੰਗਰਾਮ ਵਿੱਚ ਪਾਏ ਯੋਗਦਾਨ ਤੋਂ ਇਲਾਵਾ ਖੇਡਾਂ ਤੇ ਸਵੈ ਰੋਜ਼ਗਾਰ ਅਤੇ ਹੋਰ ਖੇਤਰਾਂ 'ਚ ਮਾਰੀਆਂ ਜਾਣ ਵਾਲੀਆਂ ਮਾਣਮੱਤੀਆਂ ਉਪਲੱਬਧੀਆਂ ਦੀ ਸ਼ਲਾਘਾਂ ਕੀਤੀ। ਇਸ ਮੌਕੇ ਉਨ੍ਹਾਂ ਸਕੂਲੀ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਸਖਤ ਮਿਹਨਤ ਨਾਲ ਆਪਣੀ ਜ਼ਿੰਦਗੀ 'ਚ ਮਿੱਥੇ ਟੀਚੇ ਨੂੰ ਪੂਰਾ ਕਰਨ ਅਤੇ ਆਪਣੇ ਪਿੰਡ, ਮਾਪਿਆ ਤੇ ਸਕੂਲ ਦਾ ਨਾਮ ਰੌਸ਼ਨ ਕਰਨ। ਇਸ ਤੋਂ ਪਹਿਲਾਂ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਸ੍ਰੀ ਰਘਵੀਰ ਸਿੰਘ ਮਾਨ ਨੇ ਨਸ਼ਿਆਂ ਦੇ ਦੁਰਪ੍ਰਭਾਵ ਬਾਰੇ ਆਪਣੇ ਵਡਮੁੱਲੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਪੜਾਈ ਦੇ ਨਾਲ-ਨਾਲ ਖੇਡਾਂ ਆਦਿ 'ਚ ਮੱਲ੍ਹਾਂ ਮਾਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਜਿੱਥੇ ਸਨਮਾਨਿਤ ਕੀਤਾ ਉੱਥੇ ਹੀ ਉਹਨਾਂ ਨੂੰ ਟਰੈਕ ਸੂਟਾਂ ਦੀ ਵੰਡ ਵੀ ਕੀਤੀ। ਸੈਮੀਨਾਰ ਦੌਰਾਨ ਮਸਤਾਨਾ ਥੀਏਟਰ ਗਰੁੱਪ ਰਾਮਪੁਰਾ ਫੂਲ ਦੇ ਕਲਾਕਾਰਾਂ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਨੂੰ ਦਰਸਾਉਂਦਾ ਹੋਇਆ ਅਤੇ ਅਕਸ਼ ਮਹਿਰਾਜ ਵੱਲੋਂ ਲਿਖੇ ਤੇ ਸੋਨੀ ਢਿੱਲੋ ਵੱਲੋਂ ਨਿਰਦੇਸ਼ਤ ਕੀਤਾ ਗਿਆ ਨਾਟਕ "ਇੱਕ ਸੀ ਰੰਗ ਸਫੈਦ" ਖੇਡਿਆ ਗਿਆ। ਇਸ ਮੌਕੇ ਵਿਅੰਗਮਈ ਢੰਗ ਨਾਲ ਭੰਡ ਕਲਾ ਵੀ ਪੇਸ਼ ਕੀਤੀ ਗਈ। ਇਸ ਦੌਰਾਨ ਜਿੱਥੇ ਵੱਖ-ਵੱਖ ਖੇਤਰਾਂ 'ਚ ਮੱਲ੍ਹਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਉੱਥੇ ਹੀ ਉਨ੍ਹਾਂ ਨੂੰ ਟਰੈਕ ਸੂਟਾਂ ਦੀ ਵੰਡ ਵੀ ਕੀਤੀ। ਸਮਾਗਮ ਮੌਕੇ ਆਮ ਆਦਮੀ ਪਾਰਟੀ ਦੇ ਜੁਆਇੰਟ ਸੈਕਟਰੀ ਪੰਜਾਬ ਸ੍ਰੀਮਤੀ ਬਲਜਿੰਦਰ ਕੌਰ ਤੁੰਗਵਾਲੀ, ਸਰਪੰਚ ਜੋਗਿੰਦਰ ਸਿੰਘ ਬਰਾੜ, ਦਸਮੇਸ਼ ਨਗਰ ਤੁੰਗਵਾਲੀ ਦੇ ਸਰਪੰਚ ਸਰਬਜੀਤ ਕੌਰ, ਸਕੂਲ ਦੀ ਪ੍ਰਿੰਸੀਪਲ ਰਾਖੀ ਅਗਰਵਾਲ, ਉੱਘੇ ਗਾਇਕ ਹਰਦੀਪ ਮਾਹਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਪਿੰਡ ਦੀ ਸਮੂਹ ਪੰਚਾਇਤ ਆਦਿ ਹਾਜ਼ਰ ਰਹੀ।



ਵਿਦਿਆਰਥੀਆਂ ਨੇ ਨਵੀਨਤਮ ਹਥਿਆਰਾਂ ਦੇ ਕੰਮ ਨੂੰ ਸਮਝਣ ਲਈ

# ਵਾਰ ਮੈਮੋਰੀਅਲ ਵਿਖੇ ਸੈਨਿਕਾਂ ਨਾਲ ਗੱਲਬਾਤ ਕੀਤੀ



ਚੌਕ ਮਹਿਤਾ, 18 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )-ਰੈਵਲ ਡੇਲ ਪਬਲਿਕ ਸਕੂਲ, ਅਟਾਰੀ ਦੇ 725 ਵਿਦਿਆਰਥੀ ਵਾਰ ਮੈਮੋਰੀਅਲ, ਅੰਮ੍ਰਿਤਸਰ ਵਿਖੇ ਗਏ ਤਾਂ ਜੋ ਉਹ 21 ਵੀਂ ਸਦੀ ਦੇ ਹਥਿਆਰਾਂ ਦੀ ਜਾਣੀਕਾਰੀ ਲੈ ਸਕਣ ਜੋ ਸਾਡੇ ਦੇਸ਼ ਦੀ ਸਰਹੱਦ ਦੀ ਰਾਖੀ ਲਈ ਭਾਰਤੀ ਫੌਜ ਦੁਆਰਾ ਵਰਤੇ ਜਾਂਦੇ ਹਨ। ਵਿਦਿਆਰਥੀ ਦੋ ਗਰੁੱਪਾਂ ਵਿੱਚ ਉੱਥੇ ਗਏ। ਉਨ੍ਹਾਂ ਨੇ ਆਪਣੀਆਂ ਕਾਪੀਆਂ ਵਿਚ ਸਭ ਕੁਝ ਨੋਟ ਕੀਤਾ ਅਤੇ ਹਥਿਆਰਾਂ ਦੇ ਕੰਮ ਨੂੰ ਸਮਝਣ ਲਈ ਸੈਨਿਕਾਂ ਨਾਲ ਗੱਲਬਾਤ ਕੀਤੀ। ਉਹ ਸਾਰੇ ਉਤਸੁਕ ਅਤੇ ਪ੍ਰੇਰਿਤ ਸਨ। ਉਨ੍ਹਾਂ ਨੇ ਹਥਿਆਰ ਤਕਨਾਲੋਜੀ ਵਿੱਚ ਭਾਰਤ ਦੀ ਸਵੈ-ਨਿਰਭਰਤਾ ਬਾਰੇ ਸਿੱਖਣ 'ਤੇ ਮਾਣ ਮਹਿਸੂਸ ਕੀਤਾ। ਸਰੀਰਕ ਤੰਦਰੁਸਤੀ, ਮਾਨਸਿਕ ਚੁਸਤੀ ਅਤੇ ਭਾਰਤ ਪ੍ਰਤੀ ਸੈਨਿਕਾਂ ਦੀ ਵਚਨਬੱਧਤਾ ਨੇ ਵੀ ਸਕੂਲੀ ਬੱਚਿਆਂ ਵਿੱਚ ਦੇਸ਼ ਭਗਤੀ ਦੇ ਜਜ਼ਬੇ ਨੂੰ ਮਜ਼ਬੂਤ ਕੀਤਾ। ਵਾਰ ਮੈਮੋਰੀਅਲ ਦੀ ਇਹ ਯਾਤਰਾ ਸਾਰੇ ਵਿਦਿਆਰਥੀਆਂ ਲਈ ਇੱਕ ਸਿੱਖਿਆਦਾਇਕ, ਤਾਜ਼ਗੀ ਭਰਪੂਰ ਅਤੇ ਪ੍ਰੇਰਣਾਦਾਇਕ ਅਨੁਭਵ ਸਾਬਤ ਹੋਈ। ਵਿਦਿਆਰਥੀਆਂ ਨੇ ਸਥਾਨ 'ਤੇ ਪੱਕੇ ਫੋਕਸ ਅਤੇ ਸੰਪੂਰਨ ਅਨੁਸ਼ਾਸਨ ਦਾ ਪ੍ਰਦਰਸ਼ਨ ਕੀਤਾ।





ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਜਥੇਦਾਰ ਭੁਪਿੰਦਰ ਸਿੰਘ ਅਸੰਧ, ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ, ਜਥੇਦਾਰ ਸਵਰਨ ਸਿੰਘ ਬੁੰਗਾ, ਸਰਦਾਰ ਗੁਰਮੀਤ ਸਿੰਘ ਮੀਤਾ ਪਿੰਜੌਰ, ਸਰਦਾਰ ਰਜਿੰਦਰ ਸਿੰਘ ਬਰਾੜਾ, ਸਰਦਾਰ ਹਰਪਾਲ ਸਿੰਘ ਅੰਬਾਲਾ, ਸਰਦਾਰ ਇੰਦਰਜੀਤ ਸਿੰਘ ਸਾਹਾ, ਸਰਦਾਰ ਉਮਰਾਓ ਸਿੰਘ ਛੀਨਾ ਕੈਂਥਲ ਵਲੋਂ ਹਰਿਆਣਾ ਸਿੱਖ ਗੁਰਦੁਆਰਾ ਚੋਣ ਕਮਿਸ਼ਨਰ ਜਸਟਿਸ ਐਚ ਐਸ ਭੱਲਾ ਨਾਲ ਪੰਚਕੂਲਾ ਵਿਖੇ ਉਨਾਂ ਦੇ ਦਫ਼ਤਰ ਮੁਲਾਕਾਤ ਕੀਤੀ ਗਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜਨ ਵਾਸਤੇ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਪਾਰਟੀ ਰਜ਼ਿਸਟਰ ਕਰਨ ਵਾਸਤੇ ਕਾਗਜ਼ ਦਿੱਤੇ ਗਏ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਪੁਲਿਸ ਥਾਣੇ ਬੁਲਾ ਕੇ ਭਾਈ ਅਮਰੀਕ ਸਿੰਘ ਦੀ ਬੇਟੀ ਨੂੰ ਜ਼ਲੀਲ ਕਰਦੀ ਰਹੀ ਤੇ ਧਾਮੀ ਮੂਕ ਦਰਸ਼ਕ ਬਣ ਕੇ ਤਮਾਸ਼ਾ ਵੇਖਦਾ ਰਿਹਾ : ਭੋਮਾ





ਨਵੀਂ ਦਿੱਲੀ, 18 ਦਸੰਬਰ (ਆਵਾਜ਼ਿ ਕੌਮ ਬਿਊਰੋ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਨੇ ਇੱਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵੱਡੇ ਸਪੁੱਤਰ ਅਤੇ ਸਿੱਖ ਨੌਜਵਾਨਾਂ ਦੇ ਦਿਲਾਂ ਦੀ ਧੜਕਣ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਜੋ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਕਾਇਮ ਰੱਖਦਿਆਂ ਹੋਇਆਂ ਤੋਪਾਂ ਟੈਂਕਾਂ ਨਾਲ ਜੂਝਦਿਆਂ ਹੋਇਆਂ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ 6 ਜੂਨ 1984 ਨੂੰ ਸ਼ਹਾਦਤ ਪ੍ਰਾਪਤ ਕਰ ਗਏ ਸਨ। ਉਨ੍ਹਾਂ ਦੀ ਹੋਣਹਾਰ ਬੇਟੀ ਬੀਬੀ ਸਤਵੰਤ ਕੌਰ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖਿਆ ਵਿਭਾਗ ਦੇ ਡਾਇਰੈਕਟਰ ਹਨ। ਉਸ ਕੋਲ਼ ਭਾਈ ਨਰਾਇਣ ਸਿੰਘ ਚੌੜਾ ਕੋਈ ਕਿਤਾਬ ਭੇਟ ਕਰਨ ਅਤੇ ਪੰਜ ਸਿੰਘ ਸਾਹਿਬਾਨਾਂ ਵਲੋਂ ਉਸਨੂੰ ਸੱਤ ਮੈਂਬਰੀ ਕਮੇਟੀ ਵਿੱਚ ਸ਼ਾਮਲ ਕਰਨ ਤੇ ਵਧਾਈ ਦੇਣ ਗਿਆਂ ਉਸਦੇ ਦਫ਼ਤਰ ਆ ਗਿਆ। ਉਸ ਦਿਨ ਤਾਂ ਬੀਬੀ ਸਤਵੰਤ ਕੌਰ ਦੇ ਦਫ਼ਤਰ ਤਾਂ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਰਿਹਾ ਫ਼ਿਰ ਸਾਰੇ ਫੜ੍ਹਕੇ ਅੰਦਰ ਕਰੋ। ਬੱਸ ਗੱਲ਼ ਨੂੰ ਲੈ ਕੇ ਬੀਬੀ ਸਤਵੰਤ ਕੌਰ ਨੂੰ ਪੁਲਿਸ ਨੇ ਉਸਨੂੰ ਗਲਿਆਰੇ ਥਾਣੇ ਬੁਲਾ ਕੇ ਦੋ ਘੰਟੇ ਪੁੱਛਗਿੱਛ ਕੀਤੀ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਹਰਜਿੰਦਰ ਸਿੰਘ ਧਾਮੀ ਤੇ ਕਿਸੇ ਸਕੱਤਰ ਨੇ ਇਸ ਗੱਲ ਦਾ ਕੋਈ ਨੋਟਿਸ ਹੀ ਨਹੀਂ ਲਿਆ। ਇੱਕ ਔਰਤ ਨੂੰ ਬਿਨਾਂ ਕਿਸੇ ਦੋਸ਼ ਦੇ ਥਾਣੇ ਬੁਲਾਉਣਾ ਬਹੁਤ ਵੱਡਾ ਗੁਨਾਹ ਹੈ ਜੇਕਰ ਪੁਲਿਸ ਨੂੰ ਕਿਸੇ ਗੱਲ਼ ਦਾ ਸ਼ੱਕ ਸੀ ਤਾਂ ਉਸ ਦੇ ਦਫ਼ਤਰ ਵਿਚ ਹੀ ਪੁਛਗਿੱਛ ਕੀਤੀ ਜਾ ਸਕਦੀ ਸੀ ਪਰ ਪੁਲੀਸ ਨੇ ਥਾਣੇ ਬੁਲਾ ਕੇ ਉਲਟਾ ਜ਼ਲੀਲ ਕੀਤਾ ਗਿਆ ਤੇ ਸ਼੍ਰੋਮਣੀ ਕਮੇਟੀ ਮੂਕ ਦਰਸ਼ਕ ਬਣ ਕੇ ਤਮਾਸ਼ਾ ਵੇਖਦੀ ਰਹੀ। ਜੇਕਰ ਭਾਈ ਨਰਾਇਣ ਸਿੰਘ ਚੌੜਾ ਨਾਲ਼ ਮੁਲਾਕਾਤ ਕਰਨੀ ਜਾਂ ਹੋਵੱਧ ਜਾਣੀ ਫ਼ਿਰ ਸਾਰੀ ਸਿੱਖ ਲੀਡਰਸ਼ਿਪ ਹੀ ਦੋਸ਼ੀ ਹੈ ਉਹ ਸਾਰਿਆਂ ਨੂੰ ਖੁਲੇਆਮ ਮਿਲਦਾ ਗਿਲਦਾ ਰਿਹਾ ਉਹ ਕਿਹੜਾ ਭਗੌੜਾ ਸੀ। ਫ਼ਿਰ ਸਾਰੀ ਸਿੱਖ ਲੀਡਰਸ਼ਿਪ ਹੀ ਫੜ੍ਹਕੇ ਅੰਦਰ ਕਰ ਦਿਉਂ। ਇਸ ਤੋਂ ਵੀ ਅੱਗੇ ਅਕਾਲੀ ਆਗੂ ਬੀਬੀ ਸਤਵੰਤ ਕੌਰ ਤੇ ਉਲਟੇ ਦੋਸ਼ ਲਾਉਣ ਲੱਗ ਪਏ ਹਨ ਕਿ ਬੀਬੀ ਸਤਵੰਤ ਕੌਰ ਨੂੰ ਪੰਜ ਸਿੰਘ ਸਾਹਿਬਾਨਾਂ ਨੇ 7 ਮੈਂਬਰੀ ਕਮੇਟੀ ਵਿੱਚ ਸ਼ਾਮਲ ਹੀ ਕਿਉਂ ਕੀਤਾ ਹੈ? ਉਹ ਕਿਹੜੀ ਅਕਾਲੀ ਹੈ। ਬੰਦਾ ਪੁੱਛੇ ਉਸਦਾ ਪਿਤਾ ਭਾਈ ਅਮਰੀਕ ਸਿੰਘ ਤਾਂ ਅਕਾਲ ਤਖ਼ਤ ਸਾਹਿਬ ਤੇ ਫ਼ੌਜ ਨਾਲ਼ ਲੜ੍ਹਕੇ ਸ਼ਹੀਦ ਹੋਇਆਂ ਤੇ ਅਕਾਲੀ ਦਲ ਦਾ ਸੰਤ ਹਰਚੰਦ ਸਿੰਘ ਲੌਂਗੋਵਾਲ ਬਾਹਵਾਂ ਖੜ੍ਹੀਆਂ ਕਰਕੇ ਫੌਜ ਕੋਲ ਗ੍ਰਿਫਤਾਰ ਹੋਇਆਂ ਬਾਅਦ ਵਿੱਚ ਲੌਂਗੋਵਾਲ ਨੇ ਸਿੱਖ ਕੌਮ ਨਾਲ਼ ਗਦਾਰੀ ਕਰਕੇ ਰਾਜੀਵ ਗਾਂਧੀ ਨਾਲ਼ ਖੋਖਲਾ ਸਮਝੌਤਾ ਕੀਤਾ। ਸ਼ਹਾਦਤ ਦੇਣ ਵਾਲੇ ਅਕਾਲੀ ਨਹੀਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪਿੱਠ ਵਿਖਾਕੇ ਸਿੱਖ ਕੌਮ ਨਾਲ਼ ਗਦਾਰੀ ਕਰਨ ਵਾਲੇ ਅਕਾਲੀ ਕਿਵੇਂ ਹੋ ਗਏ ?

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ਼ਹੀਦੀ ਪੰਦਰਵਾੜੇ ਤਹਿਤ ਸਫ਼ਰ-ਏ-ਸ਼ਹਾਦਤ ਗੁਰਮਤਿ ਸਮਾਗਮ

# ਗੁਰਦੁਆਰਾ ਨਾਗੀਆਣਾ ਸਾਹਿਬ ਵਿਖੇ 22 ਦਸੰਬਰ ਨੂੰ




ਜੰਡਿਆਲਾ ਗੁਰੂ, 18 ਦਿਸੰਬਰ ( ਕੁਲਵੰਤ ਸਿੰਘ ਵਿਰਦੀ )- ਸ਼ਹੀਦੀ ਪੰਦਰਵਾੜੇ ਤਹਿਤ ਸ਼੍ਰੀ ਗੁਰੂ ਤੇਗ ਬਹਾਦੁਰ, ਮਾਤਾ ਗੁਜਰੀ, ਚਾਰ ਸਾਹਿਬਜ਼ਾਦਿਆਂ ਤੇ ਗੜ੍ਹੀ ਚਮਕੌਰ 'ਚ ਸ਼ਹੀਦ ਹੋਏ ਸਿੰਘ-ਸਿੰਘਣੀਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਸਫ਼ਰ-ਏ-ਸ਼ਹਾਦਤ ਗੁਰਮਤਿ ਸਮਾਗਮ ਤੇ ਕਵੀ ਦਰਬਾਰ ਮਿਤੀ 22 ਦਿਸੰਬਰ 2024 ਨੂੰ ਸਥਾਨਕ ਕਸਬੇ ਦੇ ਨੇੜਲੇ ਪਿੰਡ ਉੱਦੋਕੇ ਵਿਖੇ ਸਥਿਤ ਗੁਰਦੁਆਰਾ ਨਾਗੀਆਣਾ ਸਾਹਿਬ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਕਰਵਾਇਆ ਜਾਵੇਗਾ। ਇਸ ਸਮਾਗਮ ਸੰਬੰਧੀ ਜਾਣਕਾਰੀ ਦੇਂਦਿਆਂ ਮੁੱਖ ਸੇਵਾਦਾਰ ਗੁਰਦੁਆਰਾ ਨਾਗੀਆਣਾ ਸਾਹਿਬ ਸੰਤ ਬਾਬਾ ਕਵਲਜੀਤ ਸਿੰਘ, ਭਾਈ ਸ਼ਮਸ਼ੇਰ ਸਿੰਘ ਉੱਦੋਕੇ ਨੇ ਦੱਸਿਆ ਕਿ ਉਕਤ ਸਮਾਗਮ ਤਹਿਤ ਵੱਖ ਵੱਖ ਧਾਰਮਿਕ ਸਮਾਜਿਕ ਜਥੇਬੰਦੀਆਂ ਦੇ ਆਗੂ ਪਹੁੰਚਣਗੇ ਅਤੇ ਸਿੱਖ ਕੌਮ ਦੇ ਪ੍ਰਚਾਰਕ, ਕਥਾਵਾਚਕ, ਕੀਰਤਨੀ ਜਥੇ ਸੰਗਤ ਨੂੰ ਸਵੇਰ ਤੋਂ ਹੀ ਗੁਰੂ ਇਤਿਹਾਸ ਨਾਲ ਤੇ ਰੱਬੀ ਬਾਣੀ ਨਾਲ ਜੋੜਨਗੇ। ਸਮਾਗਮ ਤਹਿਤ ਦੁਪਹਿਰ 11:30 ਵਜੇ ਤੋਂ 12:30 ਵਜੇ ਤੱਕ ਇੱਕ ਵਿਸ਼ੇਸ਼ ਕਵੀ ਦਰਬਾਰ ਕਰਵਾਇਆ ਜਾਵੇਗਾ ਜਿਸ ਵਿੱਚ ਮੌਜੂਦਾ ਸਮੇਂ ਦੇ ਸਿਰਮੌਰ ਪੰਥਕ ਕਵੀ ਸਫ਼ਰ-ਏ-ਸ਼ਹਾਦਤ ਦਾ ਇਤਿਹਾਸ ਕਵਿਤਾਵਾਂ 'ਚ ਪੇਸ਼ ਕਰਨਗੇ ਤੇ ਸੰਗਤ ਨੂੰ ਗੁਰੂ ਇਤਿਹਾਸ ਨਾਲ ਜੋੜਨਗੇ। ਭਾਈ ਸ਼ਮਸ਼ੇਰ ਸਿੰਘ ਉੱਦੋਕੇ ਨੇ ਭਾਈ ਰਾਮ ਸਿੰਘ ਉੱਦੋਕੇ ਜੀ (ਯੂ.ਕੇ. ਵਾਲੇ) ਦਾ ਵਿਸ਼ੇਸ਼ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਤੇ ਦੱਸਿਆ ਕਿ ਉਹੋ ਸ਼੍ਰੀ ਗੁਰੂ ਰਾਮਦਾਸ ਨਿਸ਼ਕਾਮ ਗੁਰਮਤਿ ਕੀਰਤਨ ਸੰਗੀਤ ਅਕਾਦਮੀ ਉੱਦੋਕੇ ਦੀ ਲਗਾਤਾਰ ਪਿੱਛਲੇ 14/15 ਸਾਲ ਤੋਂ ਸੇਵਾ ਕਰ ਰਹੇ ਹਨ ਅਤੇ ਬਾਹਰਲੇ ਮੁਲਕ ਹੋਣ ਦੇ ਬਾਵਜੂਦ ਵੀ ਸਥਾਨਕ ਸੰਸਥਾ ਦੇ ਰਾਹੀਂ ਨਿਸ਼ਕਾਮ ਕੀਰਤਨ ਪ੍ਰਚਾਰ ਕਰ ਰਹੇ ਹਨ ਤੇ ਬੱਚਿਆਂ ਨੂੰ ਆਨ-ਲਾਇਨ/ਆਫ-ਲਾਇਇਨ ਦੋਨੋਂ ਮਾਧਿਅਮਾਂ ਰਾਹੀਂ ਕੀਰਤਨ ਨਾਲ ਜੋੜ ਰਹੇ ਹਨ। ਸੰਤ ਬਾਬਾ ਕਵਲਜੀਤ ਸਿੰਘ ਜੀ ਨੇ ਸੰਗਤਾਂ ਨੂੰ ਬੇਨਤੀ ਕਰਦਿਆਂ ਆਖਿਆ ਕਿ ਸੰਗਤਾਂ ਬੱਚਿਆਂ ਸਮੇਤ ਉਕਤ ਸਮਾਗਮ ਵਿੱਚ ਪਹੁੰਚਣ ਤੇ ਗੁਰੂ ਇਤਿਹਾਸ ਨਾਲ ਬੱਚਿਆਂ ਨੂੰ ਜੋੜਨ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਗੁਰੂ ਕਾਸ਼ੀ ਯੂਨੀਵਰਸਿਟੀ ਦੀ ਆਲ ਇੰਡੀਆ ਇੰਟਰ ਯੂਨੀਵਰਸਿਟੀ

# ਬਾਕਸਿੰਗ ਵੂਮੈਨ ਚੈਂਪੀਅਨਸ਼ਿਪ 2024-25 ਦਾ ਸ਼ਾਨਦਾਰ ਸ਼ੁਰੂਆਤ



ਤਲਵੰਡੀ ਸਾਬੋ, 18 ਦਸੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਸਰਪ੍ਰਸਤੀ ਤੇ ਡਾਕਟਰ ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਦੀ ਰਹਿਨੁਮਾਈ ਹੇਠ 45 ਦਿਨ ਚੱਲਣ ਵਾਲੇ ਖੇਡ ਮੇਲੇ ਦਾ ਅੱਜ ਸ਼ਾਨਦਾਰ ਆਗਾਜ਼ ਹੋਇਆ। ਇਸ ਮੌਕੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ ਵੂਮੈਨ ਚੈਂਪੀਅਨਸ਼ਿਪ 2024-25 ਦੇ ਉਦਘਾਟਨੀ ਸਮਾਰੋਹ ਵਿੱਚ ਸ੍ਰ. ਹਰਪਾਲ ਸਿੰਘ ਐਸ.ਐਸ.ਪੀ ਵਿਜੀਲੈਂਸ ਬਠਿੰਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਵਿਸ਼ੇਸ਼ ਮਹਿਮਾਨ ਵਜੋਂ ਅਭਿਸ਼ੇਕ ਮਾਲਵੀਆ ਹਾਈ ਪ੍ਰਫਾਰਮੈਂਸ ਮੈਨੇਜਰ, ਸਪੋਰਟਸ ਅਥਾਰਟੀ ਆਫ ਇੰਡੀਆ ਅਤੇ ਅਮਨਪ੍ਰੀਤ ਕੌਰ ਮੁੱਖ ਕੋਚ ਯੂਥ ਇੰਡੀਅਨ ਟੀਮ ਸ਼ਾਮਿਲ ਹੋਏ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਮੁੱਖ ਮਹਿਮਾਨ ਨੇ ਕਿਹਾ ਕਿ ਖਿਡਾਰੀ ਵੱਡੇ ਦਿਲ ਦਾ ਮਾਲਕ ਹੁੰਦਾ ਹੈ ਖੇਡਾਂ ਵਿੱਚ ਇੱਕ ਜਿੱਤ ਦੀ ਖੁਸ਼ੀ ਜ਼ਿੰਦਗੀ ਦੀਆਂ ਹਜ਼ਾਰਾਂ ਨਾ ਕਾਮਯਾਬੀਆਂ ਦੇ ਦੁੱਖਾਂ ਨੂੰ ਭੁਲਾ ਦਿੰਦੀ ਹੈ। ਉਹਨਾਂ ਕਿਹਾ ਕਿ ਖੇਡਾਂ ਨਾਲ ਭਾਈਚਾਰਕ ਭਾਵਨਾ ਉਤਪੰਨ ਹੁੰਦੀ ਹੈ ਕਿਉਂਕਿ ਖੇਡਾਂ ਵਿੱਚ ਜਾਤ-ਪਾਤ ਤੇ ਧਰਮ ਦੇ ਨਾਂ ਦੀ ਕੋਈ ਚੀਜ਼ ਨਹੀਂ ਹੁੰਦੀ ਤੇ ਖਿਡਾਰੀ ਬਿਨਾਂ ਕਿਸੇ ਭੇਦਭਾਵ ਦੇ ਖੇਡਦੇ ਹਨ। ਚੈਂਪੀਅਨਸ਼ਿਪ ਦੀ ਸ਼ੁਰੂਆਤ ਮੌਕੇ ਡਾ. ਵਰਮਾ ਨੇ ਯੂਨੀਵਰਸਿਟੀ ਦੇ ਖਿਡਾਰੀਆਂ ਵੱਲੋਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਤੇ ਕੀਤੀਆਂ ਪ੍ਰਾਪਤੀਆਂ ਦਾ ਜੇਕਰ ਕਰਦਿਆਂ ਕਹੇ ਕਿ ਖੇਲੋ ਇੰਡੀਆ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਲਗਾਤਾਰ ਦੂਜੇ ਸਾਲ ਭਾਰਤ ਦੀਆਂ ਮੋਹਰੀ 10 ਯੂਨੀਵਰਸਿਟੀਆਂ ਵਿੱਚ ਸ਼ਾਮਿਲ ਹੋਈ ਹੈ। ਉਨਾਂ ਹਰੀ ਵੰਸ਼ ਰਾਏ ਬੱਚਨ ਦੀ ਕਵਿਤਾ ਦੀਆਂ ਸਤਰਾਂ 'ਕੋਸ਼ਿਸ਼ ਕਰਨੇ ਵਾਲੋਂ ਕੀ ਕਵੀ ਹਾਰ ਨਹੀਂ ਹੋਤੀ' ਰਾਹੀਂ ਖਿਡਾਰੀਆਂ ਨੂੰ ਲਗਾਤਾਰ ਮਿਹਨਤ ਅਤੇ ਅਭਿਆਸ ਕਰਨ ਲਈ ਪ੍ਰੇਰਿਤ ਕੀਤਾ। ਆਪਣੇ ਸੁਭਾਅ ਦੀ ਭਾਸ਼ਣ ਵਿੱਚ ਚੈਂਪੀਅਨਸ਼ਿਪ ਬਾਰੇ ਜਾਣਕਾਰੀ ਦਿੰਦੇ ਆਂ ਡਾਕਟਰ ਰਾਜ ਕੁਮਾਰ ਸ਼ਰਮਾ ਨੇ ਡਾਕਟਰ ਸਪੋਰਟਸ ਨੇ ਦੱਸਿਆ ਕਿ ਇਸ ਆਲ ਇੰਡੀਆ ਬਾਕਸਿੰਗ ਵੂਮੈਨ ਚੈਂਪੀਅਨਸ਼ਿਪ ਵਿੱਚ ਭਾਰਤ ਦੀਆਂ 166 ਜੂਨ ਯੂਨੀਵਰਸਿਟੀ ਦੇ 1200 ਖਿਡਾਰੀ ਹਿੱਸਾ ਲੈ ਰਹੇ ਹਨ। ਉਨਾਂ ਇੱਕ ਸ਼ਾਨਦਾਰ ਆਯੋਜਨ ਲਈ 'ਵਰਸਿਟੀ ਪ੍ਰਬੰਧਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀਆਂ ਦੀ ਅਗਲੀ ਮੰਜ਼ਿਲ ਮਾਕਾ ਟਰਾਫੀ ਹੋਵੇਗੀ ਅਤੇ ਉਨ੍ਹਾਂ ਨੇ ਖਿਡਾਰੀਆਂ ਨੂੰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਡਾ. ਅਮਿਤ ਟੁਟੇਜਾ ਕਾਰਜਕਾਰੀ ਰਜਿਸਟਰਾਰ ਨੇ ਸਭਨਾਂ ਦਾ ਧੰਨਵਾਦ ਕਰਦੇ ਹੋਏ ਵਿਦਿਆਰਥੀਆਂ ਨੂੰ ਚੈਂਪੀਅਨਸ਼ਿਪ ਦੀਆਂ ਸ਼ੁਭਕਾਮਨਾਵਾਂ ਭੇਂਟ ਕੀਤੀਆਂ। ਵਿਦਿਆਰਥੀਆਂ ਨੇ ਨਸ਼ਾ ਮੁਕਤ ਅਤੇ ਖੇਡ ਭਾਵਨਾ ਨਾਲ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਦੀ ਸੌ ਚੁੱਕੀ ਅਯੋਜਕਾਂ ਵੱਲੋਂ ਪਤਵੰਤਿਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।

**166 ਯੂਨੀਵਰਸਿਟੀਆਂ ਦੇ ਖਿਡਾਰੀ ਕਰ ਰਹੇ ਨੇ ਸ਼ਿਰਕਤ**

# ਕਾਮਰੇਡ ਜਰਨੈਲ ਸਿੰਘ ਭਵਨ ਵਿਖੇ ਮਨਾਇਆ ਪੈਨਸ਼ਨਰ ਦਿਵਸ



**ਫ਼ਿਰੋਜ਼ਪੁਰ, 18 ਦਸੰਬਰ (ਮਨੋਹਰ ਲਾਲ) :—** ਪੰਜਾਬ ਪੈਨਸ਼ਨਰਜ ਯੂਨੀਅਨ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਕਾਮਰੇਡ ਜਰਨੈਲ ਸਿੰਘ ਭਵਨ ਬੱਸ ਸਟੈਂਡ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ ਪੈਨਸ਼ਨਰ ਦਿਵਸ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਧਾਨ ਬਲਵੰਤ ਸਿੰਘ ਸੰਧੂ, ਕਾਮਰੇਡ ਅਵਤਾਰ ਸਿੰਘ ਫ਼ਿਰੋਜ਼ਪੁਰ, ਇਕਬਾਲ ਸਿੰਘ ਸੰਧੂ, ਓਮ ਪ੍ਰਕਾਸ਼ ਚੇਅਰਮੈਨ, ਮਲਕੀਤ ਚੰਦ ਪਾਸੀ ਵਿੱਤ ਸਕੱਤਰ ਅਤੇ ਰਾਜਪਾਲ ਬੇਰੀ ਸੀ.ਮੀਤ ਪ੍ਰਧਾਨ ਨੇ ਦੱਸਿਆ ਕਿ ਇਹ ਸਮਾਗਮ ਸਮੂਹ ਪੈਨਸ਼ਨਰ ਸਾਥੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਸਮਾਗਮ ਵਿਚ ਸੂਬਾ ਕਮੇਟੀ ਦੇ ਆਗੂ ਬਲਦੇਵ ਸਿੰਘ ਸਹਿਦੇਵ, ਕੁਲਵੰਤ ਸਿੰਘ ਚਾਨੀ, ਸਤਪਾਲ ਸਿੰਘ ਸਹਿਗਲ ਅਤੇ ਬਲਵੀਰ ਸਿੰਘ ਰਾਮੂਵਾਲੀਆ ਪਹੁੰਚੇ। ਸਮਾਗਮ ਸ਼ੁਰੂ ਹੋਣ ਤੋਂ ਪਹਿਲਾਂ ਪਿਛਲੇ ਸਮੇਂ ਵਿਚ ਵਿਛੋੜਾ ਦੇ ਚੁੱਕੇ ਪੈਨਸ਼ਨਰਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ। ਇਸ ਮੌਕੇ ਪੈਨਸ਼ਨਰ ਆਗੂਆਂ ਨੇ ਕੇਂਦਰ ਦੀ ਸਰਕਾਰ ਅਤੇ ਪੰਜਾਬ ਦੀ ਸਰਕਾਰ ਵੱਲੋਂ ਪੈਨਸ਼ਨਰਾਂ ਪ੍ਰਤੀ ਵਰਤੀਆਂ ਜਾ ਰਹੀਆਂ ਨੀਤੀਆਂ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ। ਇਸ ਮੌਕੇ ਬੋਲਦਿਆਂ ਅਵਤਾਰ ਸਿੰਘ ਫ਼ਿਰੋਜ਼ਪੁਰ ਅਤੇ ਬਲਦੇਵ ਸਿੰਘ ਸਹਿਦੇਵ ਨੇ ਕਿਹਾ ਕਿ ਪੈਨਸ਼ਨਰਾਂ, ਮੁਲਾਜ਼ਮਾਂ ਨੂੰ ਕੋਰਟ ਦਾ ਸਹਾਰਾ ਛੱਡ ਇਕੱਠੇ ਹੋ ਕੇ ਸੰਘਰਸ਼ ਲੜਨਾ ਚਾਹੀਦਾ ਹੈ। ਆਪਣੇ ਵਿਚਾਰ ਰੱਖਦਿਆਂ ਸਤਪਾਲ ਸਿੰਘ ਸਹਿਗਲ ਅਤੇ ਮਲਕੀਤ ਚੰਦ ਪਾਸੀ ਨੇ ਇਸ ਇਤਿਹਾਸਕ ਦਿਨ ਤੇ ਸੁਪਰੀਮ ਕੋਰਟ ਵੱਲੋਂ ਸੁਣਾਏ ਫੈਸਲੇ ਤੇ ਕਿਹਾ ਕਿ ਪੈਨਸ਼ਨਰ ਮੁਲਾਜ਼ਮਾਂ ਦਾ ਹੱਕ ਹੈ ਕੋਈ ਖਰੈਤ ਜਾਂ ਭੀਖ ਨਹੀਂ ਪੈਨਸ਼ਨ ਇਕ ਬੁਢਾਪੇ ਦੀ ਡੰਗੋਰੀ ਹੈ। ਇਸ ਸਮੇਂ ਬਲਬੀਰ ਸਿੰਘ ਸੰਧੂ, ਗੁਰਤੇਜ਼ ਸਿੰਘ ਬਰਾੜ, ਨਛੱਤਰ ਸਿੰਘ, ਕੁਲਦੀਪ ਸਿੰਘ ਖੁੰਗਰ, ਓਕਾਂਰ ਸਿੰਘ ਰੋਡਵੇਜ਼ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ 75 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਨਸ਼ਨਰ ਵਿਜੈ ਕੁਮਾਰ, ਬਲਦੇਵ ਸਿੰਘ ਸੋਢੀ, ਦਰਸ਼ਨ ਸਿੰਘ ਅਤੇ ਜੀਵਨ ਲਾਲ ਨੂੰ ਲੋਈ ਅਤੇ ਮੋਮੈਂਟੋ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਆਗੂਆਂ ਨੇ ਕਿਹਾ ਕਿ 23 ਦਸੰਬਰ ਨੂੰ ਮੋਗਾ ਵਿਖੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਹਾਲ ਵਿਚ ਸੂਬਾ ਪੱਧਰੀ ਪੈਨਸ਼ਨਰ ਦਿਵਸ ਮਨਾਇਆ ਜਾਵੇਗਾ। ਇਸ ਮੌਕੇ ਸੁਖਦੇਵ ਸਿੰਘ ਜ਼ੀਰਾ, ਰਮੇਸ਼ ਭਾਟੀਆ, ਜਗਤਾਰ ਸਿੰਘ, ਹਰਨਾਮ ਸਿੰਘ, ਕੁਲਵੰਤ ਸਿੰਘ, ਜ਼ੋਗਿੰਦਰਪਾਲ ਬੱਬੂ ਹਾਜ਼ਰ ਸਨ।

# ਸ਼ਹੀਦੀ ਦਿਹਾੜਿਆਂ ਨੂੰ ਮੁੱਖ ਰੱਖਦਿਆਂ ਹੋਇਆਂ ਲਾਏ ਜਾਣ ਸਾਦੇ ਲੰਗਰ : ਭਾਈ ਕੁਲਦੀਪ ਨੰਡਾ

ਫ਼ਿਰੋਜ਼ਪੁਰ, 18 ਦਸੰਬਰ (ਮਨੋਹਰ ਲਾਲ) :— ਸ਼ਹੀਦੀ ਦਿਹਾੜਿਆਂ ਦੇ ਸਬੰਧ ਵਿਚ ਗੱਲਬਾਤ ਕਰਦਿਆਂ ਭਾਈ ਕੁਲਦੀਪ ਸਿੰਘ ਨੰਢਾ ਸ਼ਹਿਰੀ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਨੇ ਕਿਹਾ ਕਿ ਸੱਤ ਪੋਹ ਤੋਂ ਲੈ ਕੇ 13 ਪੋਹ ਤੱਕ ਸ਼ਹੀਦੀਆਂ ਹੋਈਆਂ ਹਨ, ਜਿਵੇਂ ਸਰਸਾ ਨਦੀ ਤੇ ਪਰਿਵਾਰ ਵਿਛੋੜਾ ਵੱਡੇ ਸਾਹਿਬਜ਼ਾਦਿਆਂ ਦਾ ਚਮਕੋਰ ਦੀ ਗੜ੍ਹੀ ਵਿੱਚ ਸ਼ਹੀਦ ਹੋਣਾ ਛੋਟੇ ਸਾਹਿਬਜ਼ਾਦਿਆਂ ਦਾ ਨੀਹਾਂ ਵਿੱਚ ਚਿਨਣੈ ਜਾਣਾ, ਮਾਤਾ ਗੁਜਰ ਕੌਰ ਜੀ ਦਾ ਸ਼ਹੀਦ ਹੋਣਾ ਇਸੇ ਦਿਨਾਂ ਵਿੱਚ ਜਿਹੜੀਆਂ ਸੰਗਤਾਂ ਮਿਠਾਈਆਂ ਦੇ ਲੰਗਰ ਲਾਉਂਦੀਆਂ ਹਨ ਉਨ੍ਹਾਂ ਨੂੰ ਬੇਨਤੀ ਹੈ ਕਿ ਸਾਦੇ ਲੰਗਰ ਲਾਏ ਜਾਣ। ਗੱਲਬਾਤ ਕਰਦਿਆਂ ਭਾਈ ਨੰਢਾ ਨੇ ਨਾਨਕ ਲੇਵਾ ਸਿੱਖ ਸੰਗਤਾਂ ਨੂੰ ਬੇਨਤੀ ਕੀਤੀ ਕਿ ਸੱਤ ਪੋਹ ਤੋਂ ਲੈ ਕੇ 13 ਪੋਹ ਤੱਕ ਘਰ ਵਿੱਚ ਕਿਸੇ ਤਰ੍ਹਾਂ ਦਾ ਕੋਈ ਖੁਸ਼ੀ ਦਾ ਪ੍ਰੋਗਰਾਮ ਨਾ ਕੀਤਾ ਜਾਵੇ, ਹਰ ਰੋਜ਼ ਆਪਣੇ ਨਿਤਨੇਮ ਤੋਂ ਇਲਾਵਾ ਇੱਕ ਘੰਟਾ ਸਵੇਰੇ ਇੱਕ ਘੰਟਾ ਸ਼ਾਮ ਨੂੰ ਵਾਹਿਗੁਰੂ ਦਾ ਸਿਮਰਨ ਕੀਤਾ ਜਾਵੇ।



# ਪਰਲਜ਼ ਪੀੜਤਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਵਾਲੇ ਉਮੀਦਵਾਰ ਚੁਣੇ ਜਾਣ : ਰਜਵੰਤ ਬਾਲਾ

ਚੌਕ ਮਹਿਤਾ 18 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਪਰਲਜ਼ ਕੰਪਨੀ ਦੀ ਲੁੱਟ ਦਾ ਸ਼ਿਕਾਰ ਹੋਏ ਲੋਕਾਂ ਦੇ ਹੱਕਾਂ ਲਈ ਲੜਾਈ ਲੜ ਰਹੀ ਇਨਸਾਫ਼ ਦੀ ਆਵਾਜ਼ ਜਥੇਬੰਦੀ ਵੱਲੋਂ ਮਾਝਾ ਜੋਨ ਦੇ ਪ੍ਰਧਾਨ ਰਜਵੰਤ ਬਾਲਾ ਨੇ ਕਿਹਾ ਕਿ ਲੱਖਾਂ ਲੋਕ ਪਰਲਜ਼ ਕੰਪਨੀ ਦੀ ਲੁੱਟ ਦਾ ਸ਼ਿਕਾਰ ਹੋਏ ਹਨ ਅਤੇ ਆਪਣਾ ਪੈਸਾ ਲੈਣ ਲਈ ਉਹ ਦਰ-ਬ-ਦਰ ਦੀਆਂ ਠੋਕਰਾਂ ਖਾ ਰਹੇ ਹਨ, ਪਰ ਇਨ੍ਹਾਂ ਨਗਰ ਨਿਗਮ, ਨਗਰ ਪੰਚਾਇਤ ਚੋਣਾਂ ਵਿੱਚ ਕਿਸੇ ਵੀ ਪਾਰਟੀ ਵੱਲੋਂ ਪਰਲਜ਼ ਪੀੜਤਾਂ ਦੇ ਹੱਕ ਵਿੱਚ ਗੱਲ ਨਹੀਂ ਕੀਤੀ ਜਾ ਰਹੀ। ਉਨ੍ਹਾਂ ਸਮੂਹ ਪਰਲਜ਼ ਪੀੜਤ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਸ ਉਮੀਦਵਾਰ ਦੇ ਹੱਕ ਵਿੱਚ ਆਪਣੀ ਵੋਟ ਦਾ ਇਸਤੇਮਾਲ ਕਰਨ, ਜੋ ਉਨ੍ਹਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦਾ ਹੈ। ਉਨ੍ਹਾਂ ਕਿਹਾ ਕਿ 5 ਕਰੋੜ 85 ਲੱਖ ਲੋਕਾਂ ਦਾ 49100 ਕਰੋੜ ਰੁਪਏ ਪਰਲਜ਼ ਕੰਪਨੀ ਵਿੱਚ ਫ਼ਸੇ ਹੋਏ ਹਨ ਅਤੇ ਅਤੇ ਜਥੇਬੰਦੀ ਕੌਮੀ ਪ੍ਰਧਾਨ ਮਹਿੰਦਰ ਪਾਲ ਸਿੰਘ ਦਾਨਗੜ੍ਹ ਦੀ ਅਗਵਾਈ ਵਿੱਚ ਲਗਾਤਾਰ ਸੰਘਰਸ਼ ਕਰ ਰਹੀ ਹੈ।ਰਜਵੰਤ ਬਾਲਾ ਨੇ ਅੱਗੇ ਕਿਹਾ ਕਿ ਪਰਲਜ਼ ਦੀ ਲੁੱਟ ਦਾ ਸ਼ਿਕਾਰ ਹੋਏ ਪੰਜਾਬ ਦੇ 25 ਲੱਖ ਤੋਂ ਵੱਧ ਲੋਕ ਕਿਸੇ ਵੀ ਉਮੀਦਵਾਰ ਦੀ ਜਿੱਤ ਜਾਂ ਹਾਰ ਦਾ ਫ਼ੈਸਲਾ ਕਰ ਸਕਦੇ ਹਾਂ। ਇਸ ਮੌਕੇ ਤੇ ਜਥੇਬੰਦੀ ਵੱਲੋਂ ਪੰਜਾਬ ਦੇ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਜ਼ਿਲ੍ਹਾ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਸੁਖਵਿੰਦਰ ਪਾਲ ਸ਼ਰਮਾ, ਡਾ. ਜਸਵਿੰਦਰ ਸਿੰਘ ਬੋਪਾਰਾਏ, ਮਨਦੀਪ ਕੌਰ, ਦਲਜੀਤ ਕੌਰ, ਬਿਸ਼ੰਬਰ ਦਾਸ, ਬਿਸ਼ਨ ਕੁਮਾਰ, ਬਾਊ ਸਤਪਾਲ, ਹੀਰਾ ਸਿੰਘ ਲੋਪੋਕੇ, ਹੀਰਾ ਸਿੰਘ ਡੇਰਾ ਬਾਬਾ ਨਾਨਕ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਫਰ-ਏ-ਸ਼ਹਾਦਤ ਸਮਾਗਮ ਹਰਿਆਣਾ ਕਮੇਟੀ ਵਲੋਂ

# 21 ਦਸੰਬਰ ਨੂੰ ਕਾਲਾਂਵਾਲੀ ਵਿਖੇ ਹੋਵੇਗਾ



**ਕਾਲਾਂਵਾਲੀ, 18 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਹਿਬਜ਼ਾਦੇ ਮਾਤਾ ਗੁਜਰੀ ਜੀ ਅਤੇ ਸਿੱਖ ਸ਼ਹੀਦਾਂ ਦੀ ਯਾਦ ਵਿੱਚ 21 ਦਸੰਬਰ ਨੂੰ ਕਾਲਾਂਵਾਲੀ ਦੀ ਪੁਰਾਣੀ ਅਨਾਜ ਮੰਡੀ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਸ਼ਫਰ-ਏ-ਸ਼ਹਾਦਤ ਸਮਾਗਮ ਕਰਵਾਇਆ ਜਾਵੇਗਾ। ਇਸ ਸਬੰਧੀ ਅੱਜ ਮੰਡੀ ਕਾਲਾਂਵਾਲੀ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਇਲਾਕੇ ਦੀਆਂ ਸਿੱਖ ਸੰਗਤਾਂ ਵੱਡੀ ਗਿਣਤੀ ਵਿਚ ਪੁੱਜਣਗੀਆਂ ਉਨਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਾਰਾ ਪਰਿਵਾਰ ਧਰਮ ਲਈ ਕੁਰਬਾਨ ਕਰ ਦਿੱਤਾ। ਇਸੇ ਲਈ ਉਨਾਂ ਦੀ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਪੂਰੇ ਹਰਿਆਣਾ ਵਿੱਚ ਧਰਮ ਪ੍ਰਚਾਰ ਰਾਹੀਂ ਸਫ਼ਰ-ਏ-ਸ਼ਹਾਦਤ ਸਮਾਗਮ ਕਰਵਾਇਆ ਜਾਂਦਾ ਹੈ ਉਨਾਂ ਦੱਸਿਆ ਕਿ ਇਹ ਪ੍ਰੋਗਰਾਮ 21 ਦਸੰਬਰ ਤੋਂ ਮੰਡੀ ਕਾਲਾਂਵਾਲੀ ਤੋਂ ਸ਼ੁਰੂ ਹੋਣਗੇ ਅਤੇ ਹਰਿਆਣਾ ਦੇ ਵੱਖ-ਵੱਖ ਸਥਾਨਾਂ ਜਿਵੇਂ ਕੈਥਲ, ਕਰਨਾਲ, ਅੰਬਾਲਾ, ਕੁਰੂਕਸ਼ੇਤਰ, ਅਸੰਧ, ਪੰਚਕੂਲਾ, ਜੀਂਦ, ਸਿਰਸਾ ਆਦਿ ਥਾਵਾਂ 'ਤੇ ਹਰ ਰੋਜ਼ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ, 29 ਦਸੰਬਰ ਨੂੰ ਸਮਾਗਮਾਂ ਦੀ ਸਮਾਪਤੀ ਹੋਵੇਗੀ। ਉਨਾਂ ਦੱਸਿਆ ਕਿ ਇਨਾਂ ਧਾਰਮਿਕ ਪ੍ਰੋਗਰਾਮਾਂ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ ਜੱਥੇ, ਪ੍ਰਚਾਰਕ ਅਤੇ ਸੰਤ ਮਹਾਂਪੁਰਸ਼ ਸਿੱਖ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਜਥੇਦਾਰ ਦਾਦੂਵਾਲ ਦੇ ਨਾਲ ਹਰਿਆਣਾ ਕਮੇਟੀ ਮੈਂਬਰ ਸਰਦਾਰ ਪਰਮਜੀਤ ਸਿੰਘ ਮਾਖਾ, ਸਰਦਾਰ ਮਲਕੀਤ ਸਿੰਘ ਪੰਨੀਵਾਲਾ ਮੈਂਬਰ, ਭਾਈ ਬਲਵੰਤ ਸਿੰਘ ਗੋਪਾਲਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਸਿਰਸਾ, ਭਾਈ ਗੋਬਿੰਦ ਸਿੰਘ ਸਹਾਇਕ ਇੰਚਾਰਜ ਸਿਰਸਾ, ਗਿਰਧਾਰੀ ਲਾਲ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਕਾਲਾਂਵਾਲੀ, ਸੇਠ ਸੁਰੇਸ਼ ਸਿੰਗਲਾ, ਐਡਵੋਕੇਟ ਗੁਰਮੀਤ ਸਿੰਘ, ਦਲਜੀਤ ਸਿੰਘ ਕਾਲਾਂਵਾਲੀ, ਹਰਬੰਸ ਸਿੰਘ ਸਾਬਕਾ ਪ੍ਰਧਾਨ ਗੁਰਦੁਆਰਾ ਦੂਖ ਨਿਵਾਰਣ ਕਾਲਾਂਵਾਲੀ ਪਿੰਡ, ਜਸਵਿੰਦਰ ਸਿੰਘ ਪੱਪਾ, ਅਸ਼ੋਕ ਕੁਮਾਰ ਦੁਰਗਾ ਹਾਊਸ, ਭਾਈ ਗੁਰਪ੍ਰੀਤ ਸਿੰਘ, ਗ੍ਰੰਥੀ ਹਰਜਿੰਦਰ ਸਿੰਘ ਅਸੀਰ, ਕਵੀਸ਼ਰ ਜਰਨੈਲ ਸਿੰਘ ਸੱਜਣ, ਕਵੀਸ਼ਰ ਸੁਖਵਿੰਦਰ ਸਿੰਘ ਭੰਬੂਰ, ਜਗਮੀਤ ਸਿੰਘ ਬਰਾੜ ਆਦਿ ਹਾਜ਼ਰ ਸਨ ਸਮੇਤ ਖੇਤਰ ਦੇ ਬਹੁਤ ਸਾਰੇ ਸਨਮਾਨਿਤ ਮੌਜੂਦ ਸਨ।

**☛ ਦਸੰਬਰ 21 ਤੋਂ 29 ਤੱਕ ਪੂਰੇ ਹਰਿਆਣਾ ਵਿੱਚ ਸ਼ਫਰ-ਏ-ਸ਼ਹਾਦਤ ਸਮਾਗਮ ਹੋਣਗੇ ☛ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਕਰੇਗੀ ਸ਼ਿਰਕਤ- ਜਥੇਦਾਰ ਬਲਜੀਤ ਸਿੰਘ ਦਾਦੂਵਾਲ**

### ਪਿੰਡ ਮਾਦੋਕੇ ਦੀ ਵਿਰੋਧੀ ਧਿਰ ਦੇ ਪੰਚਾਂ ਨੇ ਸਰਪੰਚ ਨੂੰ ਦਿੱਤਾ ਸਮਰਥਨ

# ਸਾਰਾ ਪਿੰਡ ਇੱਕ ਮੁੱਠ ਹੋਇਆ, ਸਾਂਝੇ ਤੌਰ ਤੇ ਕਰਵਾਉਣਗੇ ਪਿੰਡ ਦੇ ਵਿਕਾਸ ਕਾਰਜ



**ਚੌਂਕ ਮਹਿਤਾ, 18 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਪਿੰਡ ਮਾਦੋਕੇ ਵਿਖੇ ਚੁਣੀ ਗਏ ਸਰਪੰਚ ਬੀਬੀ ਲਖਵਿੰਦਰ ਕੌਰ ਪਤਨੀ ਗੁਰਜੀਤ ਸਿੰਘ ਘੁੱਕ ਦੇ ਦੋ ਮੈਂਬਰ ਅਨੂਪ ਸਿੰਘ ਅਤੇ ਹਰਜਿੰਦਰ ਸਿੰਘ ਕਾਮਯਾਬ ਹੋਏ ਸਨ, ਜਦੋਂਕਿ ਦੂਸਰੀ ਧਿਰ ਹਰਪ੍ਰੀਤ ਸਿੰਘ ਹੈਪੀ ਦੇ ਪੰਜ ਮੈਂਬਰ ਜਸਪ੍ਰੀਤ ਕੌਰ ਪਤਨੀ ਅਵਤਾਰ ਸਿੰਘ, ਸਰਬਜੀਤ ਕੌਰ ਪਤਨੀ ਸਤਨਾਮ ਸਿੰਘ, ਅਮਨਦੀਪ ਕੌਰ ਪਤਨੀ ਗੁਰਦੇਵ ਸਿੰਘ, ਮੰਗਤ ਸਿੰਘ ਅਤੇ ਮਹਿੰਦਰ ਸਿੰਘ ਨੇ ਜਿੱਤ ਪ੍ਰਾਪਤ ਕੀਤੀ ਸੀ। ਰਸ਼ਪਾਲ ਸਿੰਘ ਐਸ.ਡੀ.ਓ. ਅਤੇ ਬਚਿੱਤਰ ਸਿੰਘ ਦੇ ਯਤਨਾ ਸਦਕਾ ਸਾਰੇ ਪਿੰਡ ਦਾ ਇਕੱਠ ਹੋਇਆ, ਜਿਸ ਵਿੱਚ ਦੂਸਰੀ ਧਿਰ ਦੇ ਪੰਜਾਂ ਮੈਂਬਰਾਂ ਨੇ ਸਰਪੰਚ ਲਖਵਿੰਦਰ ਕੌਰ ਨਾਲ ਸਹਿਮਤੀ ਪ੍ਰਗਟ ਕਰਦਿਆਂ ਪਿੰਡ ਵਿੱਚੋਂ ਸਾਰੀ ਧੜੇਬੰਦੀ ਖਤਮ ਕਰਨ ਦਾ ਐਲਾਨ ਕੀਤਾ ਅਤੇ ਇਹ ਵੀ ਫੈਸਲਾ ਕੀਤਾ ਕਿ ਪਿੰਡ ਦੇ ਵਿਕਾਸ ਕਾਰਜ ਸਾਂਝੇ ਤੌਰ ਤੇ ਸਾਰੀ ਪੰਚਾਇਤ ਵੱਲੋਂ ਕਰਵਾਏ ਜਾਣਗੇ। ਜ਼ਿਕਰਯੋਗ ਹੈ ਕਿ ਇਸ ਪਿੰਡ ਵਿੱਚ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਪੰਚਾਇਤ ਦੀ ਚੋਣ ਹੋਈ ਹੈ, ਇਸ ਤੋਂ ਪਹਿਲਾਂ ਸਰਵਸੰਮਤੀ ਨਾਲ ਪੰਚਾਇਤਾਂ ਚੁਣੀਆਂ ਜਾਂਦੀਆਂ ਰਹੀਆਂ ਹਨ। ਚੋਣ ਕਰਵਾਉਣ ਨਾਲ ਦੋਹਾਂ ਪਿੰਡਾਂ ਵਿੱਚ ਧੜੇਬੰਦੀ ਬਣ ਗਈ ਸੀ। ਹੁਣ ਧੜੇਬੰਦੀ ਖਤਮ ਕਰਨ ਦੇ ਫੈਸਲੇ ਨਾਲ ਪੂਰੇ ਪਿੰਡ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਮੌਕੇ 'ਤੇ ਸਾਬਕਾ ਸਰਪੰਚ ਅਵਤਾਰ ਸਿੰਘ ਬਾਵਾ, ਬਲਵਿੰਦਰ ਸਿੰਘ ਨੰਬਰਦਾਰ, ਹਰਿੰਦਰਪਾਲ ਸਿੰਘ ਲਾਲੀ, ਵਰਿੰਦਰਪਾਲ ਸਿੰਘ ਸੰਧਾਵਾਲੀਆ, ਸਾਹਿਬ ਸਿੰਘ, ਵਰਿੰਦਰ ਸਿੰਘ ਪਹਿਲਵਾਨ, ਕਰਨ ਪਹਿਲਵਾਨ, ਟਹਿਲ ਸਿੰਘ, ਸੁਮਨ, ਪ੍ਰਦੀਪ, ਮੇਜਰ ਸਿੰਘ ਦੋਧੀ, ਕੰਵਲਜੀਤ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਪਰਮਜੀਤ ਸਿੰਘ ਲਾਡੀ, ਹਰਸਿਮਰਨ ਸਿੰਘ, ਜਸਪ੍ਰੀਤ ਸਿੰਘ, ਡਾ. ਬਲਦੇਵ ਸਿੰਘ ਬੱਲਾ, ਜਤਿੰਦਰ ਸਿੰਘ, ਰੁਪਿੰਦਰ ਸਿੰਘ, ਸੁਖਜਿੰਦਰ ਸਿੰਘ, ਗੁਰਤੇਜ ਸਿੰਘ, ਗੁਰਜੰਟ ਸਿੰਘ, ਬਿਕਰਮਜੀਤ ਸਿੰਘ ਨੰਬਰਦਾਰ, ਕਾਲਾ ਨੰਬਰਦਾਰ, ਆਜ਼ਾਦ, ਗੁਲਬਦਨ ਆਦਿ ਪਿੰਡ ਵਾਸੀ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਦੇ ਰੰਗ ਚ ਰੰਗੀ ਹੋਈ ਸ਼ਖਸ਼ੀਅਤ ਹੈ ਜਥੇਦਾਰ ਦਾਦੂਵਾਲ ਜੀ

### ☛ ਹਰਿਆਣਾ ਗੁਰਦੁਆਰਾ ਕਮੇਟੀ ਦਾ ਪ੍ਰਬੰਧਕ ਲੰਗਰ ਵਿੱਚ ਬੈਠ ਕੇ ਛਕਦੇ ਨੇ ਪ੍ਰਸ਼ਾਦਾ ☛ ਨਹੀਂ ਤਾਂ ਹਲਕੀ ਜਿਹੀ ਪਾਵਰ ਹੱਥ ਚ ਆਉਦਿਆਂ ਲੋਕਾਂ ਨੂੰ ਗਿਰਗਟ ਵਾਂਗੂੰ ਰੰਗ ਬਦਲਦੇ ਵੇਖਿਆ



ਸਚ ਮੁੱਚ ਸਾਦਗੀ ਦੀ ਮਿਸਾਲ ਨੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਵਿੰਗ ਹਰਿਆਣਾ ਕਮੇਟੀ । ਅੱਜ ਮਿਤੀ 17 ਦਸੰਬਰ 2024 ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵਿਸ਼ੇਸ਼ ਤੌਰ ਤੇ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਵਿਖੇ ਪਹੁੰਚੇ ਸਨ। ਜਦੋਂ ਦਾਸ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਦੇ ਦਫਤਰ ਵਿੱਚ ਪਹੁੰਚਿਆ ਤਾਂ ਸਾਹਮਣੇ ਦੇਖਦਾ ਹਾਂ ਕਿ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਗੁਰੂ ਜੀ ਦੇ ਬਖਸ਼ੇ ਸੰਗਤ ਪੰਗਤ ਦੇ ਸਿਧਾਂਤ ਅਨੁਸਾਰ ਥੱਲੇ ਟਾਟ ਤੇ ਬੈਠ ਕੇ ਲੰਗਰ ਛਕ ਰਹੇ ਸਨ । ਮੈਂ ਇਹ ਸਭ ਲਿਖਣ ਲਈ ਮਜ਼ਬੂਰ ਇਸ ਕਰਕੇ ਹੋਇਆ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਚੇਅਰਮੈਨ ਹੋਵੇ ਤੇ ਗੁਰੂ ਦੀ ਪੰਗਤ ਦੇ ਅਨੁਸਾਰ ਟਾਟ ਤੇ ਬੈਠ ਕੇ ਛਕੇ ਲੰਗਰ, ਇਸ ਤੋਂ ਵੱਡੀ ਗੁਰੂ ਦੀ ਬਖਸ਼ਿਸ਼ ਜਥੇਦਾਰ ਦਾਦੂਵਾਲ ਜੀ ਤੇ ਹੋਰ ਕੀ ਹੋਈ ਭਲਾ ? ਆਮ ਤੌਰ ਤੇ ਇਸ ਤਰਾਂ ਨਹੀਂ ਦੇਖਿਆ ਜਾਂਦਾ । ਹੁਣ ਤੱਕ ਤਾਂ ਦੇਖਣ ਵਿੱਚ ਐਵੇਂ ਹੀ ਆਉਂਦਾ ਸੀ ਕਿ ਟੇਬਲ ਲੱਗੇ ਹੋਏ ਨੇ, ਪੈਰਾਂ ਚ ਜੁੱਤੇ ਪਾਏ ਹੋਏ ਨੇ, ਕੁਰਸੀਆਂ ਤੇ ਬੈਠੇ ਆਂ ਤੇ ਲੰਗਰ ਖਾ ਰਹੇ ਨੇ । ਜਾਂ ਸਿੱਧੇ ਤੌਰ ਤੇ ਐਂ ਕਹਿ ਲਓ ਕਿ ਗੁਰੂ ਦਾ ਸਿਧਾਂਤ ਕਿਤੇ ਨੇੜੇ ਤੇੜੇ ਵੀ ਨਜ਼ਰ ਨਹੀਂ ਸੀ ਆਉਂਦਾ । ਇਹ ਸਭ ਬਖਸ਼ਿਸ਼ਾਂ ਉਦੋਂ ਹੀ ਸੰਭਵ ਨੇ ਜਦੋਂ ਤੁਹਾਡੇ ਤੇ ਗੁਰੂ ਦਾ ਰੰਗ ਚੜਿਆ ਹੋਵੇ । ਸੱਚ ਮੁੱਚ ਜਦੋਂ ਮੈਂ ਆਹ ਦ੍ਰਿਸ਼ ਆਪਣੀਆਂ ਅੱਖਾਂ ਨਾਲ ਦੇਖਿਆ ਤਾਂ ਮੈਂ ਇਹ ਸਭ ਕੁਝ ਕਲਮਬੱਧ ਕਰਨ ਲਈ ਮਜਬੂਰ ਹੋ ਗਿਆ । ਮੇਰੀ ਅਰਦਾਸ ਹੈ ਕਿ ਸੱਚੇ ਪਾਤਸ਼ਾਹ ਜੀ ਜਥੇਦਾਰ ਦਾਦੂਵਾਲ ਜੀ ਨੂੰ ਚੜ੍ਹਦੀਕਲਾ ਬਖਸ਼ਿਸ ਕਰਨ ਤੇ ਉਹ ਇਸੇ ਤਰਾਂ ਗੁਰਬਾਣੀ ਗੁਰਮਤਿ ਰੰਗ ਵਿੱਚ ਰੰਗੇ ਹੋਏ ਖਾਲਸਾ ਪੰਥ ਦੀ ਚੜ੍ਹਦੀਕਲਾ ਨਾਲ ਸੇਵਾ ਕਰਦੇ ਰਹਿਣ ।

**-ਪਰਗਟ ਸਿੰਘ ਬਲਬੇੜਾ, 9022000070**

# ਰੋਟਰੀ ਕਲੱਬ ਧੂਰੀ ਵੱਲੋਂ ਯੂਨੀਵਰਸਿਟੀ ਕਾਲਜ ਬੇਨੜਾ ਦੇ ਲੋੜਵੰਦ ਵਿਦਿਆਰਥੀਆਂ ਦੀ ਮਦਦ




**ਧੂਰੀ ( ਰਣਜੀਤ ਸਿੰਘ ਪੇਧਨੀ )**-ਰੋਟਰੀ ਕਲੱਬ ਧੂਰੀ ਵੱਲੋਂ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਅੱਗੇ ਵਧਾਉਂਦੇ ਹੋਏ ਯੂਨੀਵਰਸਿਟੀ ਕਾਲਜ ਬੇਨੜਾ ਦੇ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਵਿਦਿਆਰਥੀਆਂ ਦੀ ਮਦਦ ਲਈ 75380 ਰੁਪਏ ਦੀ ਰਕਮ ਫੀਸ ਦੇ ਰੂਪ ਵਿੱਚ ਪ੍ਰਦਾਨ ਕੀਤੀ ਗਈ। ਉਪਰੋਕਤ ਰਾਸ਼ੀ ਦਾ ਚੈੱਕ ਸ੍ਰੀ ਮੱਖਣ ਲਾਲ ਗਰਗ ਦੁਆਰਾ ਰੋਟਰੀ ਕਲੱਬ ਦੇ ਪ੍ਰਧਾਨ ਸ. ਬਲਜੀਤ ਸਿੰਘ ਸਿੱਧੂ ਅਤੇ ਵਿੱਤ ਸੈਕਟਰੀ ਸ੍ਰੀ ਹੁਕਮ ਚੰਦ ਸਿੰਗਲਾ ਦੀ ਮੌਜੂਦਗੀ ਵਿੱਚ ਡਾ. ਹਰਵਿੰਦਰ ਸਿੰਘ ਮੰਡ ਨੂੰ ਦਿੱਤਾ ਗਿਆ। ਇਹ ਪ੍ਰੋਗਰਾਮ ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਦੀ ਸਰਪ੍ਰਸਤੀ ਹੇਠ ਹੋਇਆ। ਡਾ. ਹਰਵਿੰਦਰ ਸਿੰਘ ਮੰਡ ਨੇ ਰੋਟਰੀ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਯਤਨ ਲੋੜਵੰਦ ਵਿਦਿਆਰਥੀਆਂ ਦੀ ਪੜਾਈ ਨੂੰ ਜਾਰੀ ਰੱਖਣ ਲਈ ਬਹੁਤ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਅਜਿਹੇ ਸਹਿਕਾਰੀ ਯਤਨਾਂ ਦੀ ਸਾਰੇ ਸਮਾਜ ਨੂੰ ਲੋੜ ਹੈ, ਤਾਂ ਜੋ ਕੋਈ ਵੀ ਵਿਦਿਆਰਥੀ ਪੜਾਈ ਤੋਂ ਵਾਂਝਾ ਨਾ ਰਹੇ। ਇਸ ਮੌਕੇ ਤੇ ਕਾਲਜ ਦੇ ਸਟਾਫ਼ ਮੈਂਬਰ ਡਾ. ਅਸ਼ੋਕ ਕੁਮਾਰ ਅਤੇ ਡਾ. ਗਗਨਦੀਪ ਸਿੰਘ ਨੇ ਵੀ ਵਿਦਿਆਰਥੀਆਂ ਦੇ ਲਈ ਕੀਤੇ ਗਏ ਇਸ ਯੋਗਦਾਨ ਦੀ ਸ਼ਲਾਘਾ ਕੀਤੀ। ਰੋਟਰੀ ਕਲੱਬ ਧੂਰੀ ਦੇ ਪ੍ਰਧਾਨ ਸ. ਬਲਜੀਤ ਸਿੰਘ ਸਿੱਧੂ ਨੇ ਕਿਹਾ ਕਿ ਰੋਟਰੀ ਕਲੱਬ ਹਮੇਸ਼ਾ ਸਮਾਜ ਸੇਵਾ ਦੇ ਕੰਮਾਂ ਵਿੱਚ ਅੱਗੇ ਰਿਹਾ ਹੈ ਅਤੇ ਇਹ ਯਤਨ ਵੀ ਇਸ ਕੜੀ ਦਾ ਹਿੱਸਾ ਹੈ। ਸ੍ਰੀ ਮੱਖਣ ਲਾਲ ਗਰਗ, ਸ੍ਰੀ ਹੁਕਮ ਚੰਦ ਸਿੰਗਲਾ, ਅਤੇ ਡਾ. ਰਮੇਸ਼ ਸ਼ਰਮਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਾਪਤ ਕਰਨ ਲਈ ਹੌਸਲਾ ਦੇਣਾ ਅਤੇ ਆਰਥਿਕ ਸਹਾਇਤਾ ਮੁਹੱਈਆ ਕਰਵਾਉਣਾ ਕਲੱਬ ਦੀ ਪਹਿਲ ਰਹੀ ਹੈ। ਇਸ ਮੌਕੇ ਕਲੱਬ ਦੇ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਸਿੱਖਿਆ ਪ੍ਰਤੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਾਰੇ ਮੈਂਬਰਾਂ ਨੇ ਵਚਨ ਦਿੱਤਾ ਕਿ ਅਜਿਹੇ ਸਮਾਜਿਕ ਕਾਰਜਾਂ ਨੂੰ ਹਮੇਸ਼ਾ ਜਾਰੀ ਰੱਖਿਆ ਜਾਵੇਗਾ।

# ਗਿਆਨੀ ਹਰਪ੍ਰੀਤ ਸਿੰਘ ਦੀ ਕਿਰਦਾਰਕੁਸ਼ੀ ਨਾਸਹਿਣਯੋਗ, ਕੌਮ ਉਨ੍ਹਾਂ ਨਾਲ ਖੜੀ ਹੈ : ਬਾਬਾ ਹਰਦੀਪ ਸਿੰਘ ਮਹਿਰਾਜ



ਨਵੀਂ ਦਿੱਲੀ 18 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਪਿਛਲੇ 15-20 ਦਿਨਾ ਤੋ ਤਖਤ ਸ੍ਰੀ ਦਮਦਮਾ ਸਾਹਿਬ ਦੇ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸੋਸਲ ਮੀਡੀਆ ਤੇ ਵੀਡੀਓ ਪਾ ਕੇ ਬਦਨਾਮ ਕਰਨ ਦੀਆ ਕੋਝੀਆ ਚਾਲਾ ਚੱਲੀਆ ਜਾ ਰਹੀਆ ਹਨ੍ਹ ਇਹਨਾ ਚਾਲਾ ਪਿੱਛੇ ਅਕਾਲੀ ਦੇ ਧਨਾਢ ਪਰਿਵਾਰ (ਬਾਦਲ ਪਰਿਵਾਰ) ਦਾ ਆਈ ਟੀ ਸੈਲ ਅਤੇ ਕੁੱਝ ਅਖੌਤੀ ਲੀਡਰ ਹਨ । ਬਾਬਾ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਭਾਵੇ ਸਾਡੇ ਲੱਖ ਸਿਧਾਂਤਿਕ ਵਖਰੇਵੇਂ ਹਨ, ਪਰ ਇਹਨਾਂ ਆਹੁਦਿਆ ਦੀ ਕਿਰਦਾਰਕੁਸੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਹਨਾ ਅਖੌਤੀ ਲੀਡਰਾ ਵੱਲੋ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਬਦਨਾਮ ਕਰਨ ਲਈ ਉਹਨਾ ਦੇ ਇੱਕ ਰਿਸਤੇਦਾਰ ਨੂੰ ਇਸਤੇਮਾਲ ਕੀਤਾ੍ ਉਸ ਨੇ ਕਰੀਬ 12 ਸਾਲ ਪਹਿਲਾ ਹੋਏ ਤਲਾਕ ਅਤੇ ਘਰ ਉਜਾੜਣ ਵਰਗੇ ਨੀਵੇ ਪੱਧਰ ਦੇ ਇਲਜਾਮ ਪੱਤਰਕਾਰਾ ਦੇ ਸਾਹਮਣੇ ਲਗਾਏ ਅਤੇ ਇਹਨਾ ਪੱਤਰਕਾਰਾ ਨੇ ਇੱਕ ਵੀਡੀਓ ਰਿਕਾਰਡ ਕਰਕੇ ਸੋਸਲ ਮੀਡੀਆ ਤੇ ਪਾ ਦਿੱਤੀ੍ ਇਹ ਵੀਡੀਓ ਲੀਗਲ ਨੋਟਿਸ ਜਾਣ ਤੋ ਬਾਅਦ ਪੱਤਰਕਾਰਾ ਨੇ ਇਹ ਵੀਡੀਓ ਸੋਸਲ ਮੀਡੀਆ ਤੋ ਹਟਾ ਦਿੱਤੀ ਗਈ ਹੈ੍ ਸਿੱਖ ਕੌਮ ਤਖਤ ਸ੍ਰੀ ਦਮਦਮਾ ਸਾਹਿਬ ਜੀ ਦੇ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਨਾਲ ਉਦੋ ਤੱਕ ਚਟਾਣ ਵਾਂਗ ਖੜੀ ਹੈ ਜਦੋ ਤੱਕ ਇਹ ਤਖਤ ਸਾਹਿਬ ਦੇ ਜੱਥੇਦਾਰ ਹਨ੍ਹ ਉਨ੍ਹਾਂ ਕਿਹਾ ਕਿ ਅਸੀ ਇਲਜਾਮ ਲਗਾਉਣ ਵਾਲੇ ਵਿਅਕਤੀ ਨੂੰ ਚੇਤਾਵਨੀ ਦਿੰਦੇ ਹਾਂ ਕਿ ਉਹ ਜੱਥੇਦਾਰ ਸਾਹਿਬ ਤੇ ਲਗਾਏ ਗਏ ਇਲਜਾਮਾ ਨੂੰ ਵਾਪਿਸ ਲਵੇ ਨਹੀ ਤਾਂ ਸਿੱਖ ਕੌਮ ਆਪਣੇ ਹਿਸਾਬ ਨਾਲ ਸਜਾ ਦੇਵੇਗੀ।

### ਬੀਕੇਯੂ ਉਗਰਾਹਾਂ ਵਲੋਂ ਕੀਤਾ ਤਲਵੰਡੀ ਸਾਬੋ ਦੇ ਪਿੰਡਾਂ 'ਚ ਮੋਟਰਸਾਇਕਲ ਮਾਰਚ

# 23 ਦਸੰਬਰ ਨੂੰ ਸੂਬੇ ਭਰੇ ਦੇ ਡੀਸੀ ਦਫ਼ਤਰਾਂ ਮੂਹਰੇ ਦਿੱਤੇ ਜਾਣਗੇ ਧਰਨੇ





**ਤਲਵੰਡੀ ਸਾਬੋ, 18 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਦਿੱਲੀ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਲਈ ਸੂਬਾ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਸ਼ੁਰੂ ਕੀਤੇ ਹੋਏ ਮਰਨ ਵਰਤ ਅਤੇ ਦਿੱਲੀ ਜਾਣ ਲਈ ਲੱਗੇ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਅਤੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਦਿੱਲੀ ਜਾਣ ਤੇ ਕਿਸਾਨਾਂ ਦੇ ਕਾਫਲਿਆਂ ਤੇ ਕੇਂਦਰ ਦੀ ਮੋਦੀ ਹਕੂਮਤ ਦੇ ਇਸ਼ਾਰਿਆਂ ਤੇ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਕੀਤੇ ਜਾ ਰਹੇ ਜਾਬਰ ਹੱਲਿਆਂ ਖਿਲਾਫ ਉਹਨਾਂ ਦੋਨਾਂ ਫੋਰਮਾਂ ਵੱਲੋਂ ਦਿੱਤੇ ਤਿੰਨ ਘੰਟੇ ਰੇਲ ਰੋਕੋ ਦੇ ਸੱਦੇ ਨਾਲ ਤਾਲਮੇਲ ਕਰਦਿਆਂ ਅਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਰਾਜ ਸਰਕਾਰਾਂ ਨੂੰ ਖੇਤੀ ਮੰਡੀਆਂ ਤੋੜਨ ਲਈ ਭੇਜੇ ਖਰੜੇ ਵਿਰੁੱਧ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਕਮੇਟੀ ਦੇ ਸੱਦੇ ਤਹਿਤ ਅੱਜ ਤਲਵੰਡੀ ਸਾਬੋ ਬਲਾਕ ਦੇ ਪਿੰਡਾਂ ਵਿੱਚ ਮੋਟਰਸਾਈਕਲਾਂ ਤੇ ਹੋਕਾ ਮਾਰਚ ਕੀਤੇ ਗਏ। ਇਸ ਸਬੰਧੀ ਅੱਜ ਪਿੰਡਾਂ ਵਿੱਚ ਹੋਏ ਇਕੱਠਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਕਿਹਾ ਕਿ ਤਿੰਨ ਕਾਲੇ ਕਾਨੂੰਨਾਂ ਖਿਲਾਫ ਦਿੱਲੀ ਲੱਗੇ ਮੋਰਚੇ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਨੇ ਤਿੰਨੇ ਕਾਨੂੰਨ ਵਾਪਸ ਲੈਣ ਤੋਂ ਬਾਅਦ ਲਿਖਤੀ ਤੌਰ 'ਤੇ ਮੰਨਿਆ ਸੀ ਕਿ ਸਾਰੀਆਂ ਫਸਲਾਂ ਦੇ ਸਰਕਾਰੀ ਭਾਅ ਮਿਥ ਕੇ ਸਰਕਾਰੀ ਖਰੀਦ ਦੀ ਗਰੰਟੀ ਕੀਤੀ ਜਾਵੇਗੀ ਇਸ ਤੋਂ ਇਲਾਵਾ ਹੋਰ ਮੰਗਾਂ ਵੀ ਮੰਨੀਆਂ ਸਨ। ਪਰ ਹੁਣ ਫਿਰ ਕੇਂਦਰ ਸਰਕਾਰ ਵੱਲੋਂ ਰਾਜ ਸਰਕਾਰਾਂ ਨੂੰ ਖਰੜਾ ਭੇਜ ਕੇ ਰਾਜਾਂ ਵਿੱਚ ਚੱਲ ਰਹੀਆਂ ਸਰਕਾਰੀ ਖਰੀਦ ਲਈ ਅਨਾਜ ਮੰਡੀਆਂ ਦੇ ਬਰਾਬਰ ਪ੍ਰਾਈਵੇਟ ਮੰਡੀਆਂ ਖੋਲਣ ਲਈ ਕਿਹਾ ਗਿਆ ਹੈ ਅਤੇ ਸਰਕਾਰ ਨੂੰ ਮਿਲਦੀ ਮਾਰਕੀਟ ਫੀਸ ਅਤੇ ਦਿਹਾਤੀ ਵਿਕਾਸ ਫੰਡ ਪ੍ਰਾਈਵੇਟ ਮੰਡੀਆਂ ਚੋਂ ਖਤਮ ਕਰਨ ਦਾ ਫੈਸਲਾ ਕੀਤਾ ਹੈ, ਜਿਸ ਦੇ ਖੁੱਲਣ ਨਾਲ ਸਰਕਾਰੀ ਮੰਡੀਆਂ ਦਾ ਭੋਗ ਪੈ ਜਾਵੇਗਾ ਇਸ ਤੋਂ ਇਲਾਵਾ ਉਹਨਾਂ ਖਰੜੇ ਵਿੱਚ ਇਹ ਵੀ ਲਿਖਿਆ ਹੈ ਕਿ ਜੋ ਗਰੀਬ ਲੋਕਾਂ ਨੂੰ ਸਸਤੇ ਦਰਾਂ ਤੇ ਜਾਂ ਮੁਫਤ ਵਿੱਚ ਅਨਾਜ ਦੀ ਜਨਤਕ ਵੰਡ ਪ੍ਰਣਾਲੀ ਰਾਹੀਂ ਸਪਲਾਈ ਹੁੰਦੀ ਹੈ ਉਸਨੂੰ ਨਗਦੀ ਦੇ ਰੂਪ 'ਚ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਕਿਸਾਨਾਂ ਤੋਂ ਸਸਤੇ ਭਾਅ ਖਰੀਦਣ ਤੋਂ ਬਾਅਦ ਬਾਜ਼ਾਰ ਵਿੱਚ ਪ੍ਰਾਈਵੇਟ ਵਪਾਰੀਆਂ ਕੋਲ ਅਨਾਜ ਚਲੇ ਜਾਣ ਨਾਲ ਅਨਾਜ ਦੀਆਂ ਕੀਮਤਾਂ ਉੱਚੀਆਂ ਹੋ ਜਾਣੀਆਂ ਉਸ ਨਾਲ ਗਰੀਬਾਂ ਨੂੰ ਇਹ ਪੂਰਾ ਅਨਾਜ ਨਹੀਂ ਮਿਲੇਗਾ ਤੇ ਹੌਲੀ-ਹੌਲੀ ਇਹ ਰਾਸ਼ੀ ਖਾਤਿਆਂ ਵਿੱਚ ਪਾਉਣੀ ਬੰਦ ਕਰ ਦਿੱਤੀ ਜਾਵੇਗੀ ਜਿਸ ਨਾਲ ਗਰੀਬਾਂ ਨੂੰ ਮਿਲਦਾ ਸਸਤਾ ਜਾਂ ਮੁਫਤ ਅਨਾਜ ਵੀ ਮਿਲਣਾ ਬੰਦ ਹੋ ਜਾਵੇਗਾ। ਸਰਕਾਰ ਦੇ ਕਿਸਾਨਾਂ, ਮਜ਼ਦੂਰਾਂ ਤੇ ਹਰੇਕ ਵਰਗ ਲਈ ਇਸ ਨੇ ਵੱਡੇ ਹਮਲੇ ਖਿਲਾਫ ਉਹਨਾਂ ਸਮੂਹ ਕਿਰਤੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਖਰੜੇ ਨੂੰ ਰੱਦ ਕਰਾਉਣ ਲਈ ਸੰਘਰਸ਼ਾਂ ਦੇ ਮੈਦਾਨਾਂ ਵਿੱਚ ਆਉਣ। ਉਹਨਾਂ ਕਿਹਾ ਕਿ ਇਸ ਸਮੂਹ ਕਿਰਤੀ ਵਰਗ ਦੇ ਲੋਕਾਂ ਖਿਲਾਫ ਕੇਂਦਰ ਸਰਕਾਰ ਦੇ ਇਸ ਵੱਡੇ ਹਮਲੇ ਨੂੰ ਰੋਕਣ ਲਈ ਸੰਯੁਕਤ ਕਿਸਾਨ ਮੋਰਚਾ ਭਾਰਤ ਵੱਲੋਂ 23 ਦਸੰਬਰ ਨੂੰ ਦੇਸ਼ ਭਰ ਦੇ ਡੀਸੀ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ। ਉਹਨਾਂ ਸਮੂਹ ਲੋਕਾਂ ਨੂੰ ਬਠਿੰਡਾ ਡੀ ਸੀ ਦਫ਼ਤਰ ਅੱਗੇ ਧਰਨੇ ਵਿੱਚ ਪਹੁੰਚਣ ਦੀ ਅਪੀਲ ਵੀ ਕੀਤੀ। ਅੱਜ ਤਲਵੰਡੀ ਸਾਬੋ ਬਲਾਕ ਦੇ ਆਗੂ ਕਾਲਾ ਚੱਠੇਵਾਲਾ, ਬਿੰਦਰ ਸਿੰਘ ਜੋਗੇਵਾਲਾ, ਰਣਜੋਧ ਮਾਹੀਨੰਗਲ, ਕਲੱਤਰ ਸਿੰਘ ਕਲਾਲਵਾਲਾ ਅਤੇ ਪਿੰਡ ਕਮੇਟੀਆਂ ਦੇ ਪ੍ਰਧਾਨ ਸਕੱਤਰ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੈਂਕੜੇ ਕਿਸਾਨ ਮਜ਼ਦੂਰ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬੰਗਲਾਦੇਸ਼ ਵਿੱਚ ਹਿੰਦੂਆਂ ਉੱਤੇ ਕੀਤੇ ਜਾ ਰਹੇ

# ਅੱਤਿਆਚਾਰਾਂ ਦੇ ਵਿਰੋਧ ਵਿੱਚ ਸ਼ਾਂਤਮਈ ਰੋਸ ਮਾਰਚ




**ਨਵੀਂ ਦਿੱਲੀ 18 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਬੰਗਲਾਦੇਸ਼ ਵਿੱਚ ਕੱਟੜਪੰਥੀਆਂ ਵੱਲੋਂ ਹਿੰਦੂਆਂ ਉੱਤੇ ਕੀਤੇ ਜਾ ਰਹੇ ਅੱਤਿਆਚਾਰਾਂ ਦੇ ਵਿਰੋਧ ਵਿੱਚ ਭਾਰਤੀ ਉਦਯੋਗ ਵਪਾਰ ਬੋਰਡ (ਆਰ.ਬੀ.ਆਈ.) ਅਤੇ ਪੁਰਾਣੀ ਦਿੱਲੀ ਦੀਆਂ ਸਾਰੀਆਂ ਪ੍ਰਮੁੱਖ ਵਪਾਰਕ ਜਥੇਬੰਦੀਆਂ ਵੱਲੋਂ "ਸ਼ਾਂਤਮਈ ਰੋਸ ਮਾਰਚ ਕੱਢਿਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਵਪਾਰੀਆਂ ਨੇ "ਕਾਲੀ ਪੱਟੀ" ਬੰਨ੍ਹ ਕੇ ਹਿੱਸਾ ਲਿਆ ਅਤੇ ਇਹਨਾਂ ਦੁਖਦਾਈ ਘਟਨਾਵਾਂ ਪ੍ਰਤੀ ਆਪਣਾ ਗੁੱਸਾ ਜ਼ਾਹਰ ਕੀਤਾ । ਇਹ ਰੋਸ ਮਾਰਚ ਚਾਂਦਨੀ ਚੌਂਕ ਦੇ ਇਤਿਹਾਸਕ ਟਾਊਨ ਹਾਲ ਤੋਂ ਸ਼ੁਰੂ ਹੋ ਕੇ ਗੌਰੀ ਸ਼ੰਕਰ ਮੰਦਰ ਵਿਖੇ ਸਮਾਪਤ ਹੋਇਆ। ਜਿਸ ਵਿੱਚ ਪੁਰਾਣੀ ਦਿੱਲੀ ਦੇ ਸਾਰੇ ਛੋਟੇ ਵੱਡੇ ਅਦਾਰਿਆਂ ਦੀਆਂ 110 ਤੋਂ ਵੱਧ ਜੱਥੇਬੰਦੀਆਂ ਦੇ 800 ਤੋਂ ਵੱਧ ਵਪਾਰੀਆਂ ਨੇ ਸ਼ਮੂਲੀਅਤ ਕੀਤੀ. ਜਿਸ ਦੌਰਾਨ ਉਨ੍ਹਾਂ ਨੇ ਹੱਥਾਂ ਵਿੱਚ ਤਖ਼ਤੀਆਂ ਅਤੇ ਬੈਨਰ ਫੜ ਕੇ ਮੰਦਰ ਵਿੱਚ ਅਰਦਾਸ ਕੀਤੀ । ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਉਹ ਇਨ੍ਹਾਂ ਕੱਟੜਪੰਥੀਆਂ ਅਤੇ ਬੰਗਲਾਦੇਸ਼ ਸਰਕਾਰ ਨੂੰ ਸਿਆਣਪ ਦੇਵੇ ਤਾਂ ਜੋ ਉੱਥੇ ਰਹਿੰਦੇ ਹਿੰਦੂਆਂ ਦੀ ਨਸਲਕੁਸ਼ੀ ਨੂੰ ਜਲਦੀ ਤੋਂ ਜਲਦੀ ਰੋਕਿਆ ਜਾ ਸਕੇ। ਇਸ ਦੇ ਨਾਲ ਹੀ ਭਾਰਤ ਸਰਕਾਰ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਬੰਗਲਾਦੇਸ਼ ਸਰਕਾਰ ਨਾਲ ਉਚੇਚੇ ਤੌਰ ਤੇ ਗੱਲਬਾਤ ਕਰਨ ਅਤੇ ਇਨ੍ਹਾਂ ਮਨੁੱਖਤਾ ਵਿਰੋਧੀ ਘਟਨਾਵਾਂ ਨੂੰ ਤੁਰੰਤ ਬੰਦ ਕਰਵਾਉਣ । ਇਸ ਮੌਕੇ ਜਗਮੋਹਨ ਗੋਟੇਵਾਲਾ, ਮੁਕੰਦ ਮਿਸ਼ਰਾ, ਹੇਮੰਤ ਗੁਪਤਾ, ਰਾਕੇਸ਼ ਯਾਦਵ, ਪ੍ਰਦੀਪ ਗੁਪਤਾ, ਨੰਦਕਿਸ਼ੋਰ ਬਾਂਸਲ, ਪ੍ਰੇਮ ਅਰੋੜਾ, ਮੁਕੇਸ਼ ਸਚਦੇਵਾ, ਸ੍ਰੀ ਭਗਵਾਨ ਬਾਂਸਲ, ਅਜੇ ਸ਼ਰਮਾ, ਬਲਦੇਵ ਗੁਪਤਾ, ਪਰਮਜੀਤ ਸਿੰਘ ਪੰਮਾ, ਯੋਗਿੰਦਰ ਚੌਧਰੀ, ਰਾਜਿੰਦਰ ਸ਼ਰਮਾ, ਦਲੀਪ ਬਿੰਦਲ, ਰਾਜੇਸ਼ ਸ਼ਰਮਾ (ਬਬਲਾ) ਯੋਗੇਸ਼ ਸਿੰਘਲ, ਆਸ਼ੀਸ਼ ਗਰੋਵਰ, ਰਾਜੀਵ ਗੁਪਤਾ, ਬਸੰਤ ਗੁਪਤਾ, ਮਨੀਸ਼ ਵਰਮਾ, ਸੰਜੇ ਜੈਨ. ਦੀਪਕ ਮਿੱਤਲ, ਲਲਿਤ ਅਗਰਵਾਲ, ਨਿਰੰਜਨ ਪੋਦਾਰ, ਚੰਦਰਭੂਸ਼ਣ ਗੁਪਤਾ, ਅਲ ਰਾਜਿੰਦਰ ਅਗਰਵਾਲ, ਡਾ. ਗੁਪਤਾ, ਨਰੇਸ਼ ਗੁਪਤਾ, ਸੰਜੇ ਸਿੰਘਲ, ਭੁਪਿੰਦਰ ਸਿੰਘ, ਕਮਲ ਪਲਵਲ, ਰਵਿੰਦਰ ਅਗਰਵਾਲ, ਸੁਰੇਸ਼ ਭਾਰਗਵ, ਅਭਿਸ਼ੇਕ ਗਨੇਰੀਵਾਲਾ, ਮੈਕੀ ਜੈਨ, ਵਿਜੇਂਦਰ ਅਗਰਵਾਲ, ਅਭਿਸ਼ੇਕ ਸ਼ਰਮਾ, ਧੀਰਜ ਕੌਸ਼ਿਕ ਕਮਲ ਕਾਲੜਾ, ਵਿਜੇ ਸੇਠੀ, ਰਾਜੀਵ ਬੱਤਰਾ ਆਦਿ ਪ੍ਰਮੁੱਖ ਤੌਰ ਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### 22 ਦਿਸੰਬਰ ਨੂੰ ਕਲੰਡਰੀ ਇਤਿਹਾਸਿਕ ਤਰੀਕਾਂ ਮੁਤਾਬਿਕ ਮਨਾਇਆ ਜਾਵੇਗਾ

# ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ - ਸੰਤ ਸਿਪਾਹੀ ਵਿਚਾਰ ਮੰਚ



**ਜੰਡਿਆਲਾ ਗੁਰੂ, 18 ਦਸੰਬਰ (ਕੁਲਵੰਤ ਸਿੰਘ ਵਿਰਦੀ )**- ਦੇਸ਼ ਦੀ ਸਥਾਪਿਤ ਧਾਰਮਿਕ ਸੰਸਥਾ ਸੰਤ ਸਿਪਾਹੀ ਵਿਚਾਰ ਮੰਚ ਦਿੱਲੀ ਦੇ ਆਲ ਇੰਡੀਆ ਕੋਆਰਡੀਨੇਟਰ ਭਾਈ ਸਾਹਿਬ ਭਾਈ ਹਰੀ ਸਿੰਘ ਮਥਾਰੂ ਕਲੰਡਰੀ ਇਤਿਹਾਸਿਕ ਤਰੀਕਾਂ ਦੇ ਪ੍ਰਚਾਰ-ਪ੍ਰਸਾਰ ਤਹਿਤ ਜੰਡਿਆਲਾ ਗੁਰੂ ਪਹੁੰਚੇ ਜਿਥੇ ਓਹਨਾਂ ਸਥਾਨਕ ਕਸਬੇ ਅਤੇ ਆਸ ਪਾਸ ਦੇ ਕਈ ਧਾਰਮਿਕ ਸਖਸ਼ੀਅਤਾਂ ਨਾਲ ਮੁਲਾਕਾਤ ਕੀਤੀ ਅਤੇ ਸਮੁੱਚੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਕਲੰਡਰੀ ਇਤਿਹਾਸ ਮੁਤਾਬਿਕ ਸਿੱਖ ਗੁਰੂ ਸਾਹਿਬਾਨ ਦੇ ਵੱਖ ਵੱਖ ਪੁਰਬ ਮਨਾਉਣ ਦਾ ਜਤਨ ਕਰੀਏ ਤਾਂ ਜੋ ਹੁਣ ਵਾਲੀ ਪੀੜ੍ਹੀ ਨੂੰ ਇਤਿਹਾਸਿਕ ਤਰੀਕਾਂ ਨੂੰ ਲੈਕੇ ਛੱਛੋਪੰਜ ਚੋਂ ਕੱਢਿਆ ਜਾ ਸਕੇ ਤੇ ਆਉਣ ਵਾਲੀ ਪੀੜ੍ਹੀ ਨੂੰ ਛੱਛੋਪੰਜ 'ਚ ਪੈਣ ਤੋਂ ਬਚਾਇਆ ਜਾ ਸਕੇ। ਉਹਨਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਅਧੀਨ ਆਉਂਦੇ ਵੱਖ ਵੱਖ ਧਾਰਮਿਕ ਸਥਾਨਾਂ 'ਤੇ, ਗੂਗਲ-ਖੋਜ 'ਤੇ ਇਤਿਹਾਸਿਕ ਤਰੀਕਾਂ ਹੋਰ ਲਿਖੀਆਂ ਹਨ ਤੇ ਸਾਡਾ ਸਿੱਖ ਸਮਾਜ ਹੋਰ ਤਰੀਕਾਂ 'ਤੇ ਪੁਰਬ ਮਨਾ ਰਿਹਾ ਹੈ ਜੋ ਲਗਾਤਾਰ ਇਤਿਹਾਸ ਨੂੰ ਲੈਕੇ ਉਲਝਣਾਂ ਪਾ ਰਿਹਾ ਹੈ ਤੇ ਸਾਡੇ ਸਿੱਖ ਸਮਾਜ ਦੇ ਲੋਕਾਂ ਕੋਲ ਕੋਈ ਫਿਕਸ ਤਰੀਕਾਂ ਨਹੀਂ ਹਨ ਤੇ ਜਿਸ ਕਰਕੇ ਬੱਚੇ ਹੋਰ ਧਰਮਾਂ ਦੇ ਤਿਉਹਾਰ ਬੜੇ ਚਾਅ ਨਾਲ ਮਨਾ ਲੈਂਦੇ ਹਨ ਤੇ ਆਪਣੇ ਤਿਉਹਾਰਾਂ ਨੂੰ ਲੈਕੇ ਹਾਂ-ਨਾ ਕਰਦੇ ਦਿਖਦੇ ਹਨ। ਉਹਨਾਂ ਕਿਹਾ ਸਾਲ 2025 'ਚ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ ਦੋ ਦਿਨ 6 ਜਨਵਰੀ ਤੇ 28 ਦਿਸੰਬਰ ਨੂੰ ਆਉਣਾ ਵੀ ਉਲਝਣ ਪੈਦਾ ਕਰਦਾ ਹੈ। ਅਖੀਰ 'ਚ ਸ. ਮਥਾਰੂ ਜੀ ਨੇ ਦੱਸਿਆ ਕਿ ਸੰਤ ਸਿਪਾਹੀ ਵਿਚਾਰ ਮੰਚ ਹਮੇਸ਼ਾਂ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ 22 ਦਿਸੰਬਰ ਨੂੰ ਗੁਰਦੁਆਰਾ ਮੋਤੀ ਬਾਗ ਸਾਹਿਬ, ਨਵੀਂ ਦਿੱਲੀ ਵਿਖੇ ਮਨਾਏਗਾ ਜਿਸ ਤਹਿਤ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ, ਕੀਰਤਨ ਦਰਬਾਰ ਤੇ ਕਵੀ ਦਰਬਾਰ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਐਡਵੋਕੇਟ ਧਾਮੀ ਵਿਰੁੱਧ ਬੇਬੁਨਿਆਦ ਦੂਸ਼ਣਬਾਜੀ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ- ਭਾਈ ਮਹਿਤਾ ਅਤੇ ਭਾਈ ਚਾਵਲਾ



**ਨਵੀਂ ਦਿੱਲੀ, 18 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਇਮਾਨਦਾਰ, ਸਮਰਪਿਤ, ਸਾਦਗੀ ਭਰੀ ਤਿਆਗੀ ਸ਼ਖ਼ਸੀਅਤ ਹਨ, ਜਿਨ੍ਹਾਂ ਦੇ ਖ਼ਿਲਾਫ਼ ਕਥਿਤ ਆਡੀਓ ਕਲਿਪ ਨੂੰ ਲੈ ਕੇ ਕੀਤੀ ਜਾ ਰਹੀ ਬੇਬੁਨਿਆਦ ਦੂਸ਼ਣਬਾਜੀ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਇਕ ਸਾਂਝੇ ਬਿਆਨ ਵਿਚ ਕੀਤਾ ਹੈ। ਭਾਈ ਮਹਿਤਾ ਅਤੇ ਭਾਈ ਚਾਵਲਾ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਿਰੁੱਧ ਸਿਆਸੀ ਦੂਸ਼ਣਬਾਜੀ ਉਹ ਲੋਕ ਕਰ ਰਹੇ ਹਨ, ਜਿਨ੍ਹਾਂ ਦਾ ਪੰਥ ਵਿਚ ਕੋਈ ਆਧਾਰ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਹਰ ਸੱਚਾ ਸਿਪਾਹੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਹਮੇਸ਼ਾ ਐਡਵੋਕੇਟ ਧਾਮੀ ਦੇ ਹੱਕ ਵਿਚ ਖੜ੍ਹੇ ਹਨ ਅਤੇ ਖੜ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਲਗਾਤਾਰ ਚੌਥੀ ਵਾਰ ਵੱਡੇ ਬਹੁਮਤ ਨਾਲ ਸ਼੍ਰੋਮਣੀ ਕਮੇਟੀ ਪ੍ਰਧਾਨ ਬਣੇ ਹਨ, ਜਿਸ ਕਰਕੇ ਵਿਰੋਧੀਆਂ ਵਲੋਂ ਇਕ ਗਿਣੀ ਮਿਥੀ ਸਾਜਿਸ਼ ਤਹਿਤ ਕਿਸੇ ਵਿਅਕਤੀ ਕੋਲੋਂ ਪਿਛਲੇ ਦਿਨੀਂ ਉਨ੍ਹਾਂ ਨੂੰ ਫੋਨ ਕਰਵਾ ਕੇ ਗੱਲਬਾਤ ਦੌਰਾਨ ਉਕਸਾਇਆ ਗਿਆ ਅਤੇ ਬਾਅਦ ਵਿਚ ਉਨ੍ਹਾਂ ਦੀ ਕਿਰਦਾਰਕੁਸ਼ੀ ਕਰਕੇ ਘਟੀਆ ਕਿਸਮ ਦਾ ਰਾਜਨੀਤਕ ਮਾਹੌਲ ਸਿਰਜਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ । ਭਾਈ ਮਹਿਤਾ ਅਤੇ ਭਾਈ ਚਾਵਲਾ ਨੇ ਆਖਿਆ ਕਿ ਇਕ ਕਥਿਤ ਆਡੀਓ ਕਲਿਪ ਦੇ ਆਧਾਰ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਿਰੁੱਧ ਘਟੀਆ ਕਿਸਮ ਦੀ ਰਾਜਨੀਤੀ ਕਰਨ ਵਾਲੇ ਲੋਕ ਕਿਸੇ ਸਾਜਿਸ਼ ਤਹਿਤ ਇਹ ਸਭ ਕੁਝ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਫੋਨ 'ਤੇ ਕਿਸੇ ਸ਼ਖ਼ਸ ਨਾਲ ਹੋਈ ਗੱਲਬਾਤ ਦੌਰਾਨ ਅਚੇਤ ਰੂਪ ਵਿਚ ਅਪਸ਼ਬਦਾਂ ਲਈ ਖਿਮਾ-ਜਾਚਨਾ ਕਰ ਚੁੱਕੇ ਹਨ। ਉਨਾ ਦੋਸ਼ ਲਾਇਆ ਕਿ ਤਕਨੀਕੀ ਯੁੱਗ ਦਾ ਫਾਇਦਾ ਕਿਸੇ ਨਾਲ ਫੋਨ 'ਤੇ ਗੱਲਬਾਤ ਨੂੰ ਰਿਕਾਰਡ ਕਰਨਾ ਇਕ ਗੰਭੀਰ ਅਪਰਾਧ ਹੈ। ਇਸ ਬਾਰੇ ਵੀ ਸੰਵਿਧਾਨਿਕ ਸੰਸਥਾਵਾਂ ਨੂੰ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ ਤਾਂ ਜੋ ਹਰੇਕ ਦੇ ਨਿੱਜਤਾ ਦੇ ਅਧਿਕਾਰ ਨੂੰ ਬਹਾਲ ਰੱਖਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦੀ ਦਿਹਾੜਿਆਂ ਨੂੰ ਮੁੱਖ ਰੱਖਦਿਆਂ ਹੋਇਆਂ ਲਾਏ ਜਾਣ ਸਾਦੇ ਲੰਗਰ : ਭਾਈ ਕੁਲਦੀਪ ਨੰਡਾ



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਕੁਲਦੀਪ ਸਿੰਘ ਨੰਢਾ ਸ਼ਹਿਰੀ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੱਸਿਆ ਹੈ ਸੱਤ ਪੋਹ ਤੋਂ ਲੈ ਕੇ 13 ਪੋ ਤੱਕ ਸ਼ਹੀਦੀਆਂ ਹੋਈਆਂ ਹਨ ਜਿਵੇਂ ਸਰਸਾ ਨਦੀ ਤੇ ਪਰਿਵਾਰ ਵਿਛੋੜਾ ਵੱਡੇ ਸਾਹਿਬਜ਼ਾਦਿਆਂ ਦਾ ਚਮਕੌਰ ਦੀ ਗੜ੍ਹੀ ਵਿੱਚ ਸ਼ਹੀਦ ਹੋਣਾ ਛੋਟੇ ਸਾਹਿਬਜ਼ਾਦਿਆਂ ਦਾ ਨੀਹਾਂ ਵਿੱਚ ਚਿਨਣੈ ਜਾਣਾ ਮਾਤਾ ਗੁਜਰ ਕੌਰ ਜੀ ਦਾ ਸ਼ਹੀਦ ਹੋਣਾ ਇਸੇ ਦਿਨਾਂ ਵਿੱਚ ਜਿਹੜੀਆਂ ਸੰਗਤਾਂ ਮਿਠਾਈਆਂ ਦੇ ਲੰਗਰ ਲਾਉਂਦੀਆਂ ਹਨ ਉਹਨਾਂ ਨੂੰ ਬੇਨਤੀ ਹੈ ਕਿ ਸਾਦੇ ਲੰਗਰ ਲਾਏ ਜਾਣ ਭਾਈ ਨੰਢਾ ਨਾਨਕ ਲੇਵਾ ਸਿੱਖ ਸੰਗਤਾਂ ਨੂੰ ਬੇਨਤੀ ਕੀਤੀ ਕਿ ਸੱਤ ਪੋਹ ਤੋਂ ਲੈ ਕੇ 13 ਪੋਹ ਤੱਕ ਘਰ ਵਿੱਚ ਕਿਸੇ ਤਰ੍ਹਾਂ ਦਾ ਕੋਈ ਖੁਸ਼ੀ ਦਾ ਪ੍ਰੋਗਰਾਮ ਨਾ ਕੀਤਾ ਜਾਵੇ ਹਰ ਰੋਜ਼ ਆਪਣੇ ਨਿਤਨੇਮ ਤੋਂ ਇਲਾਵਾ ਇੱਕ ਘੰਟਾ ਸਵੇਰੇ ਇੱਕ ਘੰਟਾ ਸ਼ਾਮ ਨੂੰ ਵਾਹਿਗੁਰੂ ਦਾ ਸਿਮਰਨ ਕੀਤਾ ਜਾਵੇ ਇਸ ਮੌਕੇ ਉਹਨਾਂ ਦੇ ਨਾਲ ਫੈਡਰੇਸ਼ਨ ਵਰਕਰ ਅੱਜ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਜਗਤਾਰ ਸਿੰਘ ਤਾਰਾ 'ਅਤੇ ਭਾਈ ਪਰਮਜੀਤ ਸਿੰਘ ਭਿਓਰਾ ਦਾ ਬੁੜੈਲ ਜੇਲ੍ਹ 'ਚੋਂ ਕੌਮ ਨੂੰ ਸੁਨੇਹਾ

## ਦੋਵਾਂ ਸਿੰਘਾਂ ਨੇ ਆਪਣੇ ਸੁਨੇਹੇ 'ਵਿੱਚ ਭਾਈ ਨਾਰਾਇਣ ਸਿੰਘ ਚੌੜਾ ਦੀ ਹਮਾਇਤ ਕੀਤੀ ਹੈ 'ਤੇ ਉਨ੍ਹਾਂ ਸ੍ਰੀ ਅਕਾਲ ਤੱਖਤ ਸਾਹਿਬ ਜੀ ਨੂੰ ਅਪੀਲ ਕੀਤੀ ਹੈ ਕਿ ਭਾਈ ਨਾਰਾਇਣ ਸਿੰਘ ਚੌੜਾ ਨੂੰ ਪੰਥ ਚੋਂ ਛੇਕਣ ਦਾ ਫੈਂਸਲਾ ਬਿਲਕੁਲ ਗਲਤ ਹੈ ਜੇਕਰ ਇਹ ਹੁੰਦਾ ਤਾਂ ਬਹੁਤ ਮੰਦਭਾਗਾ ਹੋਏਗਾ।

ਭਾਈ ਨਰਾਇਣ ਸਿੰਘ ਚੌੜਾ, ਅਕਾਲ ਤਖਤ ਸਾਹਿਬ ਨੂੰ ਸਮਰਪਿਤ ਹੈ ਕੇ ਚੱਲਣ ਵਾਲੇ ਸਿੰਘ ਹਨ, ਉਹ 1978 ਤੋਂ ਸਿੱਖ ਸੰਘਰਸ਼ ਨਾਲ ਜੁੜੇ ਹੋਏ ਸ਼ਖਸ ਹਨ ਅਤੇ ਧੜੇਬੰਦੀ ਤੋਂ ਉੱਪਰ ਉੱਠ ਕੇ ਸੰਘਰਸ਼ੀ ਸਿੰਘਾਂ ਨਾਲ ਪਿਆਰ ਕਰਨ ਵਾਲੇ ਹਨ। ਭਾਈ ਚੌੜਾ ਨੂੰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੋ ਪੰਥ ਵਿੱਚੋਂ ਛੇਕਣ ਦੀ ਜੋ ਮੰਗ ਕੀਤੀ ਗਈ ਹੈ ਉਹ ਬਹੁਤ ਮੰਦਭਾਗੀ ਹੈ ਅਸੀਂ ਐਸਜੀਪੀਸੀ ਤੋਂ ਇਹ ਪੁੱਛਣਾ ਚਾਹੁੰਦੇ ਹਾਂ ਕੀ ਉਨਾਂ ਨੇ ਕਦੇ ਜੂਨ 1984 ਘੱਲੂਘਾਰਾ ਕਰਨ ਵਾਲੇ ਕੁਲਦੀਪ ਬਰਾੜ ਅਤੇ ਰਣਜੀਤ ਦਿਆਲ ਨੂੰ ਪੰਥ ਵਿੱਚੋਂ ਛੇਕਣ ਦੀ ਗੱਲ ਕਿਉਂ ਨਹੀਂ ਕੀਤੀ ? ਸਿੱਖ ਨੋਜਵਾਨਾਂ ਦੀ ਨਸਲਕੁਸ਼ੀ ਕਰਨ ਵਾਲੇ ਬੇਅੰਤ ਸਿਉਂ, ਕੇ.ਪੀ.ਐਸ. ਗਿੱਲ ਅਤੇ ਸਵਰਨ ਘੋਟਨੇ , ਸੁਮੇਧ ਸਿੰਘ ਸੈਣੀ ਵਰਗਿਆਂ ਅਤੇ ਬਹਿਬਲ ਕਲਾਂ ਗੋਲੀਕਾਂਡ ਦੇ ਦੋਸ਼ੀਆਂ ਨੂੰ ਪੰਥ ਵਿੱਚੋਂ ਛੇਕਣ ਦੀ ਗੱਲ ਕਿਉਂ ਨਹੀਂ ਕੀਤੀ ? ਜਸਟਿਸ ਕੁਲਦੀਪ ਸਿੰਘ ਵੱਲੋਂ ਜਦੋਂ ਭਾਈ ਜਸਵੰਤ ਸਿੰਘ ਖਾਲੜਾ ਅਤੇ ਝੂਠੇ ਪੁਲਿਸ ਐਨਕਾਊਟਰਾਂ ਦੀ ਜਾਂਚ ਲਈ ਕਮਿਸ਼ਨ ਬਕਾਇਆ ਗਿਆ ਤਾਂ ਉਸ ਤੇ ਪ੍ਰਕਾਸ਼ ਸਿੰਘ ਬਾਦਲ ਨੇ ਕੋਰਟ ਤੋਂ ਪਾਬੰਦੀ ਲਵਾ ਦਿੱਤੀ ਅਤੇ ਬਾਅਦ ਵਿੱਚ ਪੰਥ ਦੇ ਵਿਰੋਧ ਵਿੱਚ ਹੀ ਭੁਗਤਿਆ ਉਸ ਬਾਰੇ ਕਿਉਂ ਨਹੀਂ ਗੱਲ ਕੀਤੀ ਤੇ ਹੁਣ ਭਾਈ ਨਰਾਇਣ ਸਿੰਘ ਚੌੜਾ ਕੋਲੋਂ ਹੱਥੋਂ ਪਾਈ ਦੌਰਾਨ ਚਲੀ ਗੋਲੀ ਕਾਰਨ ਉਹਨਾਂ ਨੂੰ ਪੰਥ ਵਿੱਚੋਂ ਛੇਕਣ ਦੀ ਗੱਲ ਕਿਉਂ ਕਰ ਰਹੇ ਨੇ। ਬੇਸ਼ੱਕ ਕੋਈ ਕਿਸੇ ਨੂੰ ਗਦਾਰ ਕਹੇ ਪਰ ਸੰਗਤ ਜਾਣਦੀ ਹੈ ਕਿ ਗਦਾਰ ਕੌਣ ਹੈ ਤੇ ਵਫਾਦਾਰ ਕੋਣ ਹਨ। ਜੇਕਰ ਭਾਈ ਚੌੜਾ ਨੂੰ ਪੰਥ ਵਿੱਚੋਂ ਛੇਕਿਆ ਜਾਂਦਾ ਹੈ ਤਾਂ ਕੌਮ ਇਸ ਕੁਫਰ ਨੂੰ ਪ੍ਰਵਾਨ ਨਹੀਂ ਕਰੇਗੀ ਅਤੇ ਇਹ ਬਾਦਲਾਂ ਦੇ ਤਾਬੂਤ ਵਿੱਚ ਅਖੀਰਲਾ ਕਿੱਲ ਸਾਬਿਤ ਹੋਵੇਗਾ। ਸੁਖਬੀਰ ਬਾਦਲ ਉੱਤੇ ਪਿਸਤੌਲ ਕੱਢ ਕੇ ਉਸ ਨੂੰ ਮਾਰਨ ਜਾਂ ਡਰਾਉਣ ਬਾਰੇ ਭਾਈ ਨਰਾਇਣ ਸਿੰਘ ਚੌੜਾ ਹੀ ਦੱਸ ਸਕਦੇ ਨੇ ਕਿ ਉਹਨਾਂ ਨੇ ਇਹ ਕਿਓਂ ਕੀਤਾ, ਅਕਾਲ ਤਖਤ ਸਾਹਿਬ ਦੇ ਜਥੇਦਾਰ ਉਨਾਂ ਕੋਲੋਂ ਸਪਸ਼ਟੀਕਰਨ ਲੈ ਸਕਦੇ ਹਨ। ਅਸੀ ਅਕਾਲ ਤਖਤ ਸਾਹਿਬ ਅਤੇ ਦੂਸਰੇ ਤਖਤਾਂ ਦੇ ਜਥੇਦਾਰ ਸਾਹਿਬਾਨਾਂ ਨੂੰ ਅਪੀਲ ਕਰਦੇ ਹਾਂ ਕਿ ਉਨਾਂ ਨੇ ਜਿਸ ਤਰ੍ਹਾਂ ਅਕਾਲੀਆਂ ਨੂੰ ਅਕਾਲ ਤਖਤ ਸਾਹਿਬ ਉੱਤੇ ਸੱਦ ਕੇ ਪੁਰਾਤਨ ਮਰਿਆਦਾ ਨੂੰ ਕਾਇਮ ਰੱਖਦੇ ਹੋਏ ਅਕਾਲ ਤਖਤ ਸਾਹਿਬ ਦਾ ਮਾਣ ਵਧਾਇਆ ਹੈ ਉਸਨੂੰ ਹਮੇਸ਼ਾ ਬਰਕਰਾਰ ਰੱਖਣ। ਭਾਈ ਨਰਾਇਣ ਸਿੰਘ ਚੌੜਾ ਬਾਰੇ ਜਲਦਬਾਜ਼ੀ ਵਿੱਚ ਅਤੇ ਦਬਾਅ ਹੇਠਾਂ ਕੋਈ ਗਲਤ ਫੈਸਲਾ ਕਰਕੇ ਪੰਥ ਨੂੰ ਦੋ ਧੜਿਆਂ ਵਿੱਚ ਵੰਡਣ ਤੋਂ ਗੁਰੇਜ਼ ਕਰਨ, ਜੇਕਰ ਕੋਈ ਗਲਤ ਫੈਸਲਾ ਹੋਵੇਗਾ ਤਾਂ ਉਸਨੂੰ ਦੇਸ਼-ਵਿਦੇਸ਼ ਦੀ ਸੰਗਤ ਬਰਦਾਸ਼ਤ ਨਹੀਂ ਕਰੇਗੀ।

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਿਹ॥

**ਵੱਲੋਂ:- ਜਥੇਦਾਰ ਜਗਤਾਰ ਸਿੰਘ ਤਾਰਾ ਅਤੇ ਭਾਈ ਪਰਮਜੀਤ ਸਿੰਘ ਭਿਓਰਾ, ਸੁਨੇਹਾ ਰਾਹੀ : ਵਕੀਲ ਇਮਾਨ ਸਿੰਘ ਖਾਰਾ**